ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 16 ਮਾਰਚ 2024 (ਨਾਨਕਸ਼ਾਹੀ ਸੰਮਤ : ੫੫੬, ੩ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਡਿਬਰੂਗੜ੍ਹ ਜੇਲ੍ਹ 'ਚ ਬੰਦ

# ਅੰਮ੍ਰਿਤਪਾਲ ਸਿੰਘ ਦੀ ਹਾਲਤ ਵਿਗੜੀ

**ਚੰਡੀਗੜ੍ਹ, 15 ਮਾਰਚ (ਆਵਾਜ਼ਿ ਕੌਮ ਬਿਊਰੋ)**-ਆਸਾਮ ਦੀ ਡਿਬਰੂਗੜ੍ਹ ਜੇਲ੍ਹ 'ਚ ਭਾਈ ਅੰਮ੍ਰਿਤਪਾਲ ਸਿੰਘ ਦੀ ਸਿਹਤ ਖ਼ਰਾਬ ਹੋ ਚੁੱਕੀ ਹੈ।" ਇਹ ਸ਼ਬਦ ਭਾਈ ਅੰਮ੍ਰਿਤਪਾਲ ਸਿੰਘ ਦੇ ਵਕੀਲ ਅਤੇ ਬੁਲਾਰੇ ਸੀਨੀਅਰ ਐਡਵੋਕੇਟ ਰਾਜਦੇਵ ਸਿੰਘ ਖਾਲਸਾ ਨੇ ਪ੍ਰੈੱਸ ਕਾਨਫਰੰਸ 'ਚ ਗੱਲਬਾਤ ਕਰਦਿਆਂ ਕਹੇ। ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਨੇ ਇਕ ਪੱਤਰ ਭੇਜ ਕੇ ਮੈਨੂੰ ਆਪਣਾ ਬੁਲਾਰਾ ਨਿਯੁਕਤ ਕੀਤਾ ਹੈ। ਇਸ ਲਈ ਮੈਂ ਅੱਜ ਪ੍ਰੈੱਸ ਕਾਨਫਰੰਸ ਵੀ ਕਰ ਰਿਹਾ ਹਾਂ। ਬੀਤੇਂ ਦਿਨੀਂ ਭਾਈ ਅੰਮ੍ਰਿਤਪਾਲ ਸਿੰਘ ਦੀ ਪਤਨੀ ਕਿਰਨਦੀਪ ਕੌਰ ਭਾਈ ਅੰਮ੍ਰਿਤਪਾਲ ਸਿੰਘ ਨੂੰ ਮਿਲਣ ਲਈ ਜੇਲ੍ਹ 'ਚ ਗਈ ਸੀ। ਉਨ੍ਹਾਂ ਦੱਸਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਨੇ ਮੇਰੇ ਸਾਹਮਣੇ ਖ਼ੂਨ ਦੀ ਉਲਟੀ ਕੀਤੀ ਹੈ। ਉਹ ਆਪਣੇ ਕੁਰਸੀ ਤੋਂ ਵੀ ਨਹੀਂ ਉੱਠ ਸਕਦੇ ਸਗੋਂ ਸਹਾਰਾ ਦੇ ਕੇ ਉਨ੍ਹਾਂ ਨੂੰ ਉਠਾਉਣਾ ਪੈਂਦਾ ਹੈ। ਉਹ ਇਸ ਸਮੇਂ ਭੁੱਖ ਹੜਤਾਲ 'ਤੇ ਹਨ, ਸਿਰਫ਼ ਪਾਣੀ ਹੀ ਪੀਂਦੇ ਹਨ। ਉਨ੍ਹਾਂ ਦੀ ਸਿਰਫ਼ ਇਕੋ ਹੀ ਮੰਗ ਹੈ ਕਿ ਉਨ੍ਹਾਂ ਨੂੰ ਪੰਜਾਬ ਦੀ ਜੇਲ੍ਹ 'ਚ ਸ਼ਿਫਟ ਕੀਤਾ ਜਾਵੇ। ਜੇਕਰ ਉਨ੍ਹਾਂ ਦੀ ਸ਼ਹੀਦੀ ਹੁੰਦੀ ਹੈ ਤਾਂ ਇਸ ਲਈ ਸਿਰਫ਼ ਸੂਬਾ ਸਰਕਾਰ ਹੀ ਦੋਸ਼ੀ ਹੋਵੇਗੀ। ਇਸ ਮੌਕੇ ਉਨ੍ਹਾਂ ਨਾਲ ਪੀ. ਏ. ਅਵਤਾਰ ਸਿੰਘ ਸੰਧੂ ਵੀ ਹਾਜ਼ਰ ਸਨ।




## ਡਿਬਰੂਗੜ੍ਹ ਜੇਲ੍ਹ 'ਚ ਐਨ.ਐਸ.ਏ. ਤਹਿਤ ਨਜ਼ਰਬੰਦ ਕਲਸੀ ਸਮੇਤ ਪੰਜ ਨੌਜਵਾਨਾਂ ਨੇ ਭੁੱਖ ਹੜਤਾਲ ਤਿਆਗੀ

### ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅੱਗੇ ਝੁਕਾਇਆ ਸਿਰ

**ਅੰਮ੍ਰਿਤਸਰ, 15 ਮਾਰਚ (ਆਵਾਜ਼ਿ ਕੌਮ ਬਿਊਰੋ)**-ਡਿਬਰੂਗੜ੍ਹ ਜੇਲ੍ਹ ਵਿਚ ਐਨ.ਐਸ.ਏ. ਤਹਿਤ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਦੇ ਪੰਜ ਸਾਥੀਆਂ ਨੇ ਬੀਤੀ ਦੇਰ ਸ਼ਾਮ ਭੁੱਖ ਹੜਤਾਲ ਸਮਾਪਤ ਕਰ ਦਿੱਤੀ ਹੈ। ਭੁੱਖ ਹੜਤਾਲ ਛੱਡਣ ਵਾਲੇ ਸਰਬਜੀਤ ਸਿੰਘ ਕਲਸੀ ਸਮੇਤ ਪੰਜ ਨੌਜਵਾਨਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਆਦੇਸ਼ ਅੱਗੇ ਸਿਰ ਝੁਕਾਉਣ ਦਾ ਦਾਅਵਾ ਕਰਦਿਆਂ ਅੰਨ ਗ੍ਰਹਿਣ ਕਰ ਲਿਆ। ਭਰੋਸੇਯੋਗ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਬੀਤੀ 4 ਮਾਰਚ ਨੂੰ ਡਿਬਰੂਗੜ੍ਹ ਜੇਲ੍ਹ 'ਚ ਨਜ਼ਰਬੰਦ ਸਿੱਖ ਨੌਜਵਾਨਾਂ ਨੂੰ ਭੁੱਖ ਹੜਤਾਲ ਸਮਾਪਤ ਕਰਨ ਦੇ ਹੋਏ ਆਦੇਸ਼ ਨੂੰ ਮੰਨਦਿਆਂ ਸਰਬਜੀਤ ਸਿੰਘ ਕਲਸੀ, ਗੁਰਿੰਦਰਪਾਲ ਸਿੰਘ ਔਜਲਾ, ਬਸੰਤ ਸਿੰਘ, ਗੁਰਮੀਤ ਸਿੰਘ ਗਿੱਲ ਅਤੇ ਕੁਲਵੰਤ ਸਿੰਘ ਨੇ ਜੇਲ੍ਹ ਪ੍ਰਸ਼ਾਸਨ ਦੀ ਹਾਜ਼ਰੀ ਵਿਚ ਭੁੱਖ ਹੜਤਾਲ ਸਮਾਪਤ ਕਰਨ ਦਾ ਐਲਾਨ ਕਰ ਦਿੱਤਾ। ਇਨ੍ਹਾਂ ਨਜ਼ਰਬੰਦਾਂ ਨੇ ਦਾਅਵਾ ਕੀਤਾ ਕਿ ਉਨ੍ਹਾਂ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਤੋਂ ਉੱਪਰ ਕੁਝ ਵੀ ਨਹੀਂ ਹੈ। ਇਸ ਹਿਸਾਬ ਨਾਲ ਡਿਬਰੂਗੜ੍ਹ ਜੇਲ੍ਹ ਵਿਚ ਭਾਈ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਦੇ ਦੋ ਧੜੇ ਬਣ ਗਏ ਹਨ। ਜਿੱਥੇ ਇਕ ਧੜਾ ਸਰਬਜੀਤ ਸਿੰਘ ਕਲਸੀ ਦੀ ਅਗਵਾਈ ਵਿਚ ਵੱਖਰਾ ਹੋ ਗਿਆ ਹੈ ਉੱਥੇ ਭਾਈ ਅੰਮ੍ਰਿਤਪਾਲ ਸਿੰਘ ਦੇ ਨਾਲ ਉਨ੍ਹਾਂ ਦੇ ਚਾਚਾ ਹਰਜੀਤ ਸਿੰਘ, ਪਪਲਪ੍ਰੀਤ ਸਿੰਘ, ਭਗਵੰਤ ਸਿੰਘ ਪ੍ਰਧਾਨ ਮੰਤਰੀ ਬਾਜੇਕੇ ਅਤੇ ਵਰਿੰਦਰ ਸਿੰਘ ਰਹਿ ਗਏ ਹਨ। ਜ਼ਿਕਰਯੋਗ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਉਨ੍ਹਾਂ ਨੂੰ ਭੁੱਖ ਹੜਤਾਲ ਛੱਡ ਕੇ ਆਪਣੇ ਹੱਕਾਂ ਲਈ ਸੰਘਰਸ਼ ਜਾਰੀ ਰੱਖਣ ਦਾ ਆਦੇਸ਼ ਹੋਇਆ ਸੀ, ਜਿਸ ਨੂੰ ਭਾਈ ਅੰਮ੍ਰਿਤਪਾਲ ਸਿੰਘ ਨੇ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਇਸ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਲੋਂ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਡਿਬਰੂਗੜ੍ਹ ਜੇਲ੍ਹ 'ਚ ਨਜ਼ਰਬੰਦ ਸਿੱਖ ਨੌਜਵਾਨਾਂ ਦੀਆਂ ਮੰਗਾਂ ਦੇ ਸਬੰਧ ਵਿਚ ਇਨ੍ਹਾਂ ਨਜ਼ਰਬੰਦ ਨੌਜਵਾਨਾਂ ਤੇ ਸਰਕਾਰ ਵਿਚਾਲੇ ਤਾਲਮੇਲ ਕਰਨ ਤੇ ਕਾਨੂੰਨੀ ਤੇ ਸੰਵਿਧਾਨਕ ਚਾਰਾਜੋਈ ਲਈ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਸੀ।

Exclusive News

## ਪ੍ਰਸਿੱਧ ਅਦਾਕਾਰ ਅਮਿਤਾਭ ਬੱਚਨ ਦੀ ਵਿਗੜੀ ਸਿਹਤ, ਹਸਪਤਾਲ 'ਚ ਦਾਖ਼ਲ



**ਮੁੰਬਈ, 15 ਮਾਰਚ (ਆਵਾਜ਼ਿ ਕੌਮ ਬਿਊਰੋ)**-ਇਸ ਵੇਲੇ ਬਾਲੀਵੁੱਡ ਦੇ ਬਾਦਸ਼ਾਹ ਅਮਿਤਾਭ ਬੱਚਨ ਨਾਲ ਜੁੜੀ ਇਕ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਖ਼ਬਰਾਂ ਹਨ ਕਿ ਬਿੱਗ ਬੀ ਦੀ ਤਬੀਅਤ ਕਾਫ਼ੀ ਖ਼ਰਾਬ ਦੱਸੀ ਜਾ ਰਹੀ ਹੈ, ਜਿਸ ਕਾਰਨ ਉਨ੍ਹਾਂ ਨੂੰ ਮੁੰਬਈ ਦੇ ਕੋਕਿਲਾਬੇਨ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਅਮਿਤਾਭ ਬੱਚਨ ਦੀ ਐਂਜੀਓਪਲਾਸਟੀ ਕੀਤੀ ਗਈ ਹੈ। ਖ਼ਬਰਾਂ ਮੁਤਾਬਕ, ਬਿੱਗ ਬੀ ਨੂੰ ਸਖ਼ਤ ਸੁਰੱਖਿਆ ਵਿਚਕਾਰ ਅੱਜ ਤੜਕੇ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ। ਉਨ੍ਹਾਂ ਨੇ ਦੁਪਹਿਰ ਨੂੰ ਐਕਸ (ਟਵਿੱਟਰ) 'ਤੇ ਪੋਸਟ ਕੀਤੀ, ਜਿਸ 'ਚ ਲਿਖਿਆ- 'ਹਮੇਸ਼ਾ ਸ਼ੁਕਰਗੁਜ਼ਾਰ'। ਸਰਜਰੀ ਤੋਂ ਬਾਅਦ ਅਮਿਤਾਭ ਨੇ ਆਪਣੇ ਸੋਸ਼ਲ ਮੀਡੀਆ ਪੋਸਟ ਰਾਹੀਂ ਆਪਣੇ ਫੈਨਜ਼ ਦਾ ਧੰਨਵਾਦ ਕੀਤਾ। ਦੱਸ ਦੇਈਏ ਕਿ ਅਮਿਤਾਭ ਬੱਚਨ ਦੀ ਬਹੁਤ ਵੱਡੀ ਫੈਨ ਫਾਲੋਇੰਗ ਹੈ ਅਤੇ ਉਨ੍ਹਾਂ ਦੇ ਪ੍ਰਸ਼ੰਸਕ ਉਨ੍ਹਾਂ ਦੀ ਇੱਕ ਝਲਕ ਪਾਉਣ ਲਈ ਬੇਤਾਬ ਰਹਿੰਦੇ ਹਨ। ਉਨ੍ਹਾਂ ਨੂੰ ਮਿਲਣ ਲਈ ਬਿੱਗ ਬੀ ਦੇ ਘਰ ਦੇ ਬਾਹਰ ਪ੍ਰਸ਼ੰਸਕਾਂ ਦੀ ਭੀੜ ਲੱਗੀ ਰਹਿੰਦੀ ਹੈ। ਅਮਿਤਾਭ ਬੱਚਨ ਵੀ ਹਰ ਐਤਵਾਰ ਆਪਣੇ ਘਰ ਜਲਸਾ ਦੇ ਬਾਹਰ ਪ੍ਰਸ਼ੰਸਕਾਂ ਨੂੰ ਮਿਲਦੇ ਹਨ।

## ਚੋਣ ਕਮਿਸ਼ਨ ਅੱਜ ਕਰੇਗਾ ਲੋਕ ਸਭਾ ਚੋਣਾਂ ਦੀਆਂ ਤਾਰੀਖ਼ਾਂ ਦਾ ਐਲਾਨ

**ਨਵੀਂ ਦਿੱਲੀ, 15 ਮਾਰਚ (ਆਵਾਜ਼ਿ ਕੌਮ ਬਿਊਰੋ)**-ਚੋਣ ਕਮਿਸ਼ਨ ਵਲੋਂ ਸ਼ਨੀਵਾਰ ਯਾਨੀ 16 ਮਾਰਚ ਨੂੰ ਤਾਰੀਖ਼ਾਂ ਦਾ ਐਲਾਨ ਕੀਤਾ ਜਾਵੇਗਾ। 'ਐਕਸ' 'ਤੇ ਇਕ ਪੋਸਟ 'ਚ, ਚੋਣ ਕਮਿਸ਼ਨ ਨੇ ਕਿਹਾ ਕਿ ਲੋਕ ਸਭਾ ਚੋਣਾਂ ਅਤੇ ਕੁਝ ਰਾਜ ਵਿਧਾਨ ਸਭਾਵਾਂ ਦੇ ਪ੍ਰੋਗਰਾਮ ਦਾ ਐਲਾਨ ਕਰਨ ਲਈ ਇਕ ਪ੍ਰੈੱਸ ਕਾਨਫਰੰਸ ਸ਼ਨੀਵਾਰ ਨੂੰ ਦੁਪਹਿਰ 3 ਵਜੇ ਆਯੋਜਿਤ ਕੀਤੀ ਜਾਵੇਗੀ। ਇਸ ਵਾਰ ਸਾਰੀਆਂ ਸਿਆਸੀ ਪਾਰਟੀਆਂ ਦਾ ਫੋਕਸ ਮਹਿਲਾ ਵੋਟਰ 'ਤੇ ਹੈ। ਉਨ੍ਹਾਂ ਨੂੰ ਲੁਭਾਉਣ ਲਈ ਵੱਖ-ਵੱਖ ਸੂਬਿਆਂ ਅਤੇ ਕੇਂਦਰ 'ਚ ਮਹਿਲਾ-ਕੇਂਦਰਿਤ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਮੌਜੂਦਾ ਲੋਕ ਸਭਾ ਦਾ ਕਾਰਜਕਾਲ 16 ਜੂਨ ਨੂੰ ਖ਼ਤਮ ਹੋ ਰਿਹਾ ਹੈ ਅਤੇ ਉਸ ਤੋਂ ਪਹਿਲਾਂ ਨਵੇਂ ਸਦਨ ਦਾ ਗਠਨ ਕਰਨਾ ਹੋਵੇਗਾ। ਪਿਛਲੀ ਵਾਰ ਲੋਕ ਸਭਾ ਚੋਣਾਂ ਦਾ ਐਲਾਨ 10 ਮਾਰਚ ਨੂੰ ਹੋਇਆ ਸੀ ਅਤੇ 11 ਅਪ੍ਰੈਲ ਤੋਂ 7 ਪੜਾਵਾਂ 'ਚ ਵੋਟਿੰਗ ਹੋਈ ਸੀ। ਵੋਟਾਂ ਦੀ ਗਿਣਤੀ 23 ਮਈ ਨੂੰ ਹੋਈ ਸੀ।



## ਲੋਕ ਸਭਾ ਚੋਣਾਂ ਨੂੰ ਲੈ ਕੇ ਵੱਡੀ ਖ਼ਬਰ, ਪੰਜਾਬ ਦੇ 13 ਲੋਕ ਸਭਾ ਹਲਕਿਆਂ ਦੇ ਵੇਰਵੇ ਜਾਰੀ

**ਚੰਡੀਗੜ੍ਹ, 15 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਪੰਜਾਬ ਦੀਆਂ 13 ਲੋਕ ਸਭਾ ਸੀਟਾਂ ਦੇ ਕੁੱਲ ਪੋਲਿੰਗ ਸਟੇਸ਼ਨਾਂ ਅਤੇ ਕੁੱਲ ਵੋਟਰਾਂ ਬਾਬਤ ਜਾਣਕਾਰੀ ਜਾਰੀ ਕੀਤੀ ਹੈ। ਉਨ੍ਹਾਂ ਦੱਸਿਆ ਕਿ 1 ਮਾਰਚ 2024 ਤੱਕ ਪੰਜਾਬ 'ਚ ਕੁੱਲ 2 ਕਰੋੜ 12 ਲੱਖ 71 ਹਜ਼ਾਰ 246 ਵੋਟਰ ਹਨ। ਇਨ੍ਹਾਂ ਵਿਚ 1 ਕਰੋੜ 11 ਲੱਖ 92 ਹਜ਼ਾਰ 959 ਮਰਦ ਵੋਟਰ ਜਦਕਿ 1 ਕਰੋੜ 77 ਹਜ਼ਾਰ 543 ਔਰਤ ਵੋਟਰ ਹਨ। ਕੁੱਲ 744 ਟਰਾਂਸਜੈਂਡਰ ਵੋਟਰ ਹਨ। 13 ਸੀਟਾਂ ਲਈ ਕੁੱਲ 24433 ਪੋਲਿੰਗ ਸਟੇਸ਼ਨ ਸਥਾਪਤ ਕੀਤੇ ਗਏ ਹਨ। ਵਿਸਥਾਰ 'ਚ ਜਾਣਕਾਰੀ ਅਨੁਸਾਰ ਗੁਰਦਾਸਪੁਰ ਲੋਕ ਸਭਾ ਸੀਟ ਲਈ ਕੁੱਲ ਪੋਲਿੰਗ ਸਟੇਸ਼ਨ 1895 ਹਨ ਅਤੇ ਕੁੱਲ ਵੋਟਰਾਂ ਦੀ ਗਿਣਤੀ 15 ਲੱਖ 95 ਹਜ਼ਾਰ 300 ਹੈ। ਇਨ੍ਹਾਂ 'ਚ 8 ਲੱਖ 44 ਹਜ਼ਾਰ 299 ਮਰਦ ਵੋਟਰ ਜਦਕਿ 7 ਲੱਖ 50 ਹਜ਼ਾਰ 965 ਔਰਤ ਵੋਟਰ ਹਨ। 36 ਵੋਟਰ ਟਰਾਂਸਜੈਂਡਰ ਹਨ। ਇਸੇ ਤਰ੍ਹਾਂ ਅੰਮ੍ਰਿਤਸਰ ਸੀਟ ਲਈ ਕੁੱਲ ਪੋਲਿੰਗ ਸਟੇਸ਼ਨ 1676 ਹਨ ਅਤੇ ਕੁੱਲ ਵੋਟਰਾਂ ਦੀ ਗਿਣਤੀ 15 ਲੱਖ 93 ਹਜ਼ਾਰ 846 ਹੈ। ਇਨ੍ਹਾਂ 'ਚ 8 ਲੱਖ 36 ਹਜ਼ਾਰ 966 ਮਰਦ ਵੋਟਰ ਜਦਕਿ 7 ਲੱਖ 56 ਹਜ਼ਾਰ 820 ਔਰਤ ਵੋਟਰ ਹਨ। 60 ਵੋਟਰ ਟਰਾਂਸਜੈਂਡਰ ਹਨ। ਖਡੂਰ ਸਾਹਿਬ ਲਈ ਕੁੱਲ ਪੋਲਿੰਗ ਸਟੇਸ਼ਨ 1974 ਹਨ ਅਤੇ ਕੁੱਲ ਵੋਟਰਾਂ ਦੀ ਗਿਣਤੀ 16 ਲੱਖ 55 ਹਜ਼ਾਰ 468 ਹੈ। ਇਨ੍ਹਾਂ ਚ 8 ਲੱਖ 70 ਹਜ਼ਾਰ 337 ਮਰਦ ਵੋਟਰ ਜਦਕਿ 7 ਲੱਖ 85 ਹਜ਼ਾਰ 67 ਔਰਤ ਵੋਟਰ ਹਨ। 64 ਵੋਟਰ ਟਰਾਂਸਜੈਂਡਰ ਹਨ। ਜਲੰਧਰ (ਰਾਖਵੀਂ) ਸੀਟ ਲਈ ਕੁੱਲ ਪੋਲਿੰਗ ਸਟੇਸ਼ਨ 1951 ਹਨ ਅਤੇ ਕੁੱਲ ਵੋਟਰਾਂ ਦੀ ਗਿਣਤੀ 16 ਲੱਖ 41 ਹਜ਼ਾਰ 872 ਹੈ।

ਆਵਾਜ਼ਿ ਕੌਮ

Daily Newspaper from U.K.

Publisher/Chief Editor

Raghbir Singh Walsal

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਚੱਬੇਵਾਲ ਦੇ ਅਸਤੀਫ਼ੇ ਨੇ ਵਧਾਈ ਕਾਂਗਰਸ ਦੀ ਸਿਰਦਰਦੀ ! ਨਵੇਂ ਸਿਰਿਓਂ ਚੁਣਨਾ ਪਵੇਗਾ ਡਿਪਟੀ ਲੀਡਰ

**ਲੁਧਿਆਣਾ, 15 ਮਾਰਚ (ਆਵਾਜ਼ਿ ਕੌਮ ਬਿਊਰੋ)**-ਚੱਬੇਵਾਲ ਤੋਂ ਕਾਂਗਰਸ ਦੇ ਵਿਧਾਇਕ ਰਾਜ ਕੁਮਾਰ ਚੱਬੇਵਾਲ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਗਏ ਹਨ। ਉਹ ਵਿਧਾਨ ਸਭਾ ਵਿਚ ਪਾਰਟੀ ਦੇ ਡਿਪਟੀ ਲੀਡਰ ਵੀ ਰਹੇ ਹਨ। ਇਸ ਲਈ ਹੁਣ ਕਾਂਗਰਸ ਨੂੰ ਵਿਧਾਨ ਸਭਾ ਵਿਚ ਨਵੇਂ ਸਿਰਿਓਂ ਡਿਪਟੀ ਲੀਡਰ ਦੀ ਨਿਯੁਕਤੀ ਕਰਨੀ ਹੋਵੇਗੀ। ਇਨ੍ਹਾਂ ਵਿਚ ਆਉਣ ਵਾਲੀਆਂ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਕਿਸੇ ਹਿੰਦੂ ਜਾਂ ਦਲਿਤ ਲੀਡਰ ਨੂੰ ਚੁਣਿਆ ਜਾ ਸਕਦਾ ਹੈ, ਕਿਉਂਕਿ ਇਸ ਵੇਲੇ ਵਿਰੋਧੀ ਧਿਰ ਦੇ ਲੀਡਰ ਪ੍ਰਤਾਪ ਸਿੰਘ ਬਾਜਵਾ ਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਜੱਟ ਭਾਈਚਾਰੇ ਨਾਲ ਜੁੜੇ ਹੋਏ ਹਨ, ਜਦਕਿ ਰਾਜ ਕੁਮਾਰ ਚੱਬੇਵਾਲ ਨੂੰ ਦਲਿਤ ਕੋਟੇ ਤੋਂ ਵਿਧਾਨ ਸਭਾ ਵਿਚ ਡਿਪਟੀ ਲੀਡਰ ਬਣਾਇਆ ਗਿਆ ਸੀ। ਰਾਜ ਕੁਮਾਰ ਚੱਬੇਵਾਲ ਨੇ ਕਾਂਗਰਸ ਦੇ ਨਾਲ-ਨਾਲ ਵਿਧਾਨ ਸਭਾ ਦੀ ਮੈਂਬਰਸ਼ਿਪ ਤੋਂ ਵੀ ਅਸਤੀਫ਼ਾ ਦਿੱਤਾ ਹੈ। ਇਸ ਨੂੰ ਲੈ ਕੇ ਚਰਚਾ ਹੈ ਕਿ ਜੇਕਰ ਉਹ ਵਿਧਾਨ ਸਭਾ ਦੀ ਮੈਂਬਰਸ਼ਿਪ ਤੋਂ ਅਸਤੀਫ਼ਾ ਨਾ ਦਿੰਦੇ ਤਾਂ ਕਾਂਗਰਸ ਵੱਲੋਂ ਉਨ੍ਹਾਂ ਨੂੰ ਅਯੋਗ ਕਰਾਰ ਦੇਣ ਦੀ ਅਪੀਲ ਕੀਤੀ ਜਾ ਸਕਦੀ ਹੈ। ਹਾਲਾਂਕਿ ਲੋਕ ਸਭਾ ਚੋਣਾਂ ਤੋਂ ਪਹਿਲਾਂ ਉਨ੍ਹਾਂ ਦਾ ਅਸਤੀਫ਼ਾ ਮਨਜ਼ੂਰ ਕਰਨ ਜਾਂ ਨਾ ਕਰਨ ਦਾ ਫ਼ੈਸਲਾ ਸਪੀਕਰ ਨੇ ਕਰਨਾ ਹੈ ਤੇ ਆਪ ਪੇਸ਼ ਹੋ ਕੇ ਅਸਤੀਫ਼ਾ ਨਾ ਦੇਣ ਕਾਰਨ ਉਨ੍ਹਾਂ ਕੋਲ ਲੋਕ ਸਭਾ ਚੋਣਾਂ ਦੇ ਨਤੀਜੇ ਵੇਖ ਕੇ ਅਸਤੀਫ਼ਾ ਵਾਪਸ ਲੈਣ ਦਾ ਬਦਲ ਵੀ ਹੋ ਸਕਦਾ ਹੈ। ਆਮ ਆਦਮੀ ਪਾਰਟੀ ਵੱਲੋਂ ਰਾਜ ਕੁਮਾਰ ਚੱਬੇਵਾਲ ਨੂੰ ਹੁਸ਼ਿਆਰਪੁਰ ਤੋਂ ਉਮੀਦਵਾਰ ਬਣਾਉਣ ਦੀ ਗੱਲ ਕੀਤੀ ਜਾ ਰਹੀ ਹੈ। ਜਿਸ ਤੋਂ ਸਾਫ਼ ਹੋ ਗਿਆ ਹੈ ਕਿ ਲੋਕ ਸਬਾ ਚੋਣਾਂ ਦੌਰਾਨ ਇਕ ਵਾਰ ਫ਼ਿਰ ਨਵੇਂ ਤੇ ਪੁਰਾਣੇ ਕਾਂਗਰਸੀਆਂ ਵਿਚਾਲੇ ਮੁਕਾਬਲਾ ਹੋਵੇਗਾ, ਕਿਉਂਕਿ 'ਆਪ' ਵੱਲੋਂ ਜਲੰਧਰ ਲੋਕ ਸਭਾ ਸੀਟ 'ਤੇ ਹੋਈ ਜ਼ਿਮਣੀ ਚੋਣ ਵਿਚ ਕਾਂਗਰਸ ਦੇ ਸਾਬਕਾ ਵਿਧਾਇਕ ਸੁਸ਼ੀਲ ਰਿੰਕੂ ਨੂੰ ਟਿਕਟ ਦਿੱਤੀ ਗਈ ਸੀ, ਹੁਣ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਫ਼ਤਿਹਗੜ੍ਹ ਸਾਹਿਬ ਸੀਟ ਤੋਂ ਕਾਂਗਰਸ ਦੇ ਸਾਬਕਾ ਵਿਧਾਇਕ ਗੁਰਪ੍ਰੀਤ ਸਿੰਘ ਜੀ.ਪੀ. ਨੂੰ ਸ਼ਾਮਲ ਕਰ ਕੇ ਟਿਕਟ ਦਿੱਤੀ ਗਈ ਹੈ। ਜਿਨ੍ਹਾਂ ਦਾ ਮੁਕਾਬਲਾ ਕਾਂਗਰਸ ਦੇ ਉਨ੍ਹਾਂ ਆਗੂਆਂ ਨਾਲ ਹੋਵੇਗਾ, ਜਿਨ੍ਹਾਂ ਨਾਲ ਉਹ ਕੁਝ ਦਿਨ ਪਹਿਲਾਂ ਤਕ ਇਕੱਠੇ ਕੰਮ ਕਰਦੇ ਸਨ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)



## ਹੋਲਾ ਮਹੱਲਾ ਸ਼੍ਰੀ ਅਨੰਦਪੁਰ ਸਾਹਿਬ ਜੀ

## ਹੋਲੇ ਮਹੱਲੇ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ ਕਾਜ਼ਲਮੋਰਾਨੋ

23 ਮਾਰਚ 2024 ਸਨੀਵਾਰ ਗੁਰਦੁਆਰਾ ਸਾਹਿਬ ਤੋ ਨਗਰ ਕੀਰਤਨ ਦੀ ਅਰੰਭਤਾ 12 ਵਜੇਂ ਹੋਵੇਗੀ ਅਤੇ ਗੁਰਦੁਆਰਾ ਸਾਹਿਬ ਵਿਖੇ ਹੀ ਸ਼ਾਮ 5 ਵਜੇ ਸਮਾਪਤੀ ਹੋਵੇਗੀ।

ਨਗਰ ਕੀਰਤਨ ਵਿੱਚ ਸ਼ਮੂਲੀਅਤ ਸਿੱਖ ਪ੍ਰਚਾਰਕ ਕਥਾ ਵਾਚਕ, ਰਾਗੀ ਸਿੰਘ ਕਵੀਸ਼ਰੀ,ਢਾਡੀ ਜਥੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☚ਸ਼ੇਅਰ ਜ਼ਰੂਰੀ ਕਰਨਾ ਜੀ
☚ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢ ਕੇ ਨਗਰ ਕੀਰਤਨ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




# ਰਾਜਵਿੰਦਰ ਸਿੰਘ ਕੱਲਾ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਦੇ ਸੁਪਰਡੈਂਟ ਨਿਯੁਕਤ




**ਚੌਕ ਮਹਿਤਾ, 15 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦਆਰਾ ਸੱਚਖੰਡ ਬੋਰਡ ਨਾਂਦੇੜ ਦੇ ਮੁੱਖ ਪ੍ਰਬੰਧਕ ਡਾ ਵਿਜੈ ਸਤਬੀਰ ਸਿੰਘ ਸਾਬਕਾ ਆਈ ਏ ਐਸ ਜੀ ਦੇ ਹੁਕਮਾਂ ਅਨੁਸਾਰ ਸ੍ਰ ਰਾਜਵਿੰਦਰ ਸਿੰਘ ਕੱਲਾ ਨੂੰ ਗੁਰਦਆਰਾ ਸੱਚਖੰਡ ਬੋਰਡ ਦੇ ਸੁਪਰਡੈਂਟ ਦੇ ਅਹੁਦੇ ਤੇ ਨਿਯੁਕਤ ਕੀਤਾ ਗਿਆ ਸ੍ਰ ਰਾਜਵਿੰਦਰ ਸਿੰਘ ਕੱਲਾ ਜੌ ਕਿ ਲੰਬੇ ਸਮੇਂ ਤੋਂ ਤਖਤ ਸਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧ ਹੇਠ ਵੱਖ ਵੱਖ ਸੇਵਾਵਾ ਨਿਭਾ ਰਹੇ ਹਨ ਅਤੇ ਮੌਜੂਦਾ ਸਮੇਂ ਵਿੱਚ ਡਿਪਟੀ ਸੁਪਰਡੈਂਟ ਵਜੋਂ ਕਾਰਜਸ਼ੀਲ ਹਨ ਉਹਨਾਂ ਨੂੰ ਸੰਨ 2004 ਤੋ 2009 ਤੱਕ ਦੇਸ਼ ਦੀ ਸੱਭ ਤੋਂ ਵੱਡੀ ਪੰਚਾਇਤ ਪਾਰਲੀਮੈਂਟ ਹਾਊਸ ਵਿੱਚ ਪ੍ਰਾਈਵੇਟ ਸਕੱਤਰ ਵਜੋਂ ਸੇਵਾਵਾਂ ਨਿਭਾਉਣ ਦਾ ਤਜ਼ਰਬਾ ਹਾਸਲ ਹੈ ਸ੍ਰ ਰਾਜਵਿੰਦਰ ਸਿੰਘ ਕੱਲਾ ਨੂੰ ਲੰਬੇ ਸਮੇਂ ਤੱਕ ਮੀਡੀਆ ਨਾਲ ਜੁੜੇ ਰਹਿਣ ਅਤੇ ਗੁਰਦਆਰਾ ਬੋਰਡ ਦੇ ਤ੍ਰੈਭਾਸ਼ੀ ਮਾਸਿਕ ਸੱਚਖੰਡ ਪੱਤਰ ਦੇ ਸੰਪਾਦਕ ਵਜੋਂ ਕਾਰਜਸ਼ੀਲ ਰਹਿਣ ਦਾ ਮਾਣ ਹਾਸਲ ਹੈ ਸ੍ਰ ਰਾਜਵਿੰਦਰ ਸਿੰਘ ਕੱਲਾ ਨੇ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਮਾਨਯੋਗ ਸਿੰਘ ਸਾਹਿਬ ਜਥੇਦਾਰ ਬਾਬਾ ਕੁਲਵੰਤ ਸਿੰਘ ਜੀ, ਸਮੂਹ ਪੰਜ ਪਿਆਰੇ ਸਾਹਿਬਾਨ, ਡਾ ਵਿਜੈ ਸਤਬੀਰ ਸਿੰਘ ਜੀ ਮੁੱਖ ਪ੍ਰਬੰਧਕ ਗੁਰਦਆਰਾ ਸੱਚਖੰਡ ਬੋਰਡ ਤੇ ਸ੍ਰ ਜਸਵੰਤ ਸਿੰਘ ਬੋਬੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਉਹਨਾਂ ਕਿਹਾ ਕਿ ਗੁਰੂ ਘਰ ਦੇ ਸੇਵਾ ਇਮਾਨਦਾਰੀ ਸ਼ਰਧਾ ਭਾਵਨਾ ਤੇ ਸਾਰੇ ਸਹਿਯੋਗੀ ਸਾਥੀਆਂ ਨੂੰ ਨਾਲ ਲੈ ਕੇ ਕਰਨਗੇ ।।








SANT BEANT SINGH JI
BER KALAN WALE | UK TOUR 2024
SAT 2ND MARCH - SUN 3RD MARCH: SOUTHAMPTON
MON 4TH MARCH - SUN 10TH MARCH 7:40-8:20PM:
NANAKSAR THATH ISHER DARBAR, WOLVERHAMPTON, WV3 0JU
MON 11TH MARCH - TUES 12TH MARCH 7:30-8:00PM:
GURU HAR RAI GURDWARA, WEST BROMWICH, B70 6JW
WED 13TH MARCH - FRI 15TH MARCH 6:45-7:45PM:
DARBAR SRI GURU GRANTH SAHIB JI, WALSALL, WS2 9EQ
SAT 16TH MARCH 7:30-8:00PM:
GURU HAR RAI GURDWARA, WEST BROMWICH, B70 6JW
SUN 17TH MARCH 2:00-3:00PM:
GURU HAR RAI GURDWARA, WEST BROMWICH, B70 6JW
SUN 17TH MARCH 6:30-7:30PM:
GURDWARA GURU NANAK PARKASH, COVENTRY, CV1 4FB
MON 18TH - SUN 24TH MARCH
7:30-8:15AM | 10:00-11:00AM | 6:30-7:15PM:
BABA SANG GURDWARA, SMETHWICK, B66 1EE
MON 25TH - SUN 31ST MARCH: SOUTHALL
SANT BEANT SINGH | WHATSAPP: +918530000006


ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ.:
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਅਸੀਂ ਫੋਕੇ ਧਰਨੇ ਨਹੀਂ ਦਿੰਦੇ, ਸਿਰ ਤਲੀ ਤੇ ਧਰਨਾ ਆਉਂਦਾ ਹੈ।
ਅਣਖੀਲਾ ਜੀਵਨ ਜੀਣ ਲਈ, ਸਾਨੂੰ ਹੱਸ ਕੇ ਮਰਨਾ ਆਉਂਦਾ ਹੈ।



ਭੁੱਖ ਹੜਤਾਲ ਤੇ ਬੈਠੇ ਬੰਦੀ ਸਿੰਘਾਂ ਦੇ ਹੱਕ ਵਿੱਚ

# ਪੰਥਕ ਇਕੱਤਰਤਾ

## 17 ਮਾਰਚ 2024 ਸਾਰਾਗੜ੍ਹੀ ਚੌਕ, ਸ੍ਰੀ ਅੰਮ੍ਰਿਤਸਰ

ਜੇ ਅਸੀਂ ਸਿੱਖ ਅਖਵਾਉਂਦੇ ਹਾਂ ਤਾਂ ਅੱਜ ਸਿੱਖਾਂ ਦੀ ਕੌਮੀ ਹੋਂਦ ਬਚਾਉਣ ਦੇ ਸੰਘਰਸ਼ 'ਚ ਹਾਜ਼ਰੀ ਜ਼ਰੂਰ ਲਵਾਈਏ।

ਜੇ ਹੁਣ ਵੀ ਨਾ ਉੱਠੇ ਤਾਂ ਸਾਡੀ ਕੌਮ ਉੱਠਣ ਜੋਗੀ ਨਹੀਂ ਰਹਿਣੀ

ਜਿਹੜੀਆਂ ਕੌਮਾਂ ਜ਼ੁਲਮ ਵਿਰੁੱਧ ਅਵਾਜ਼ ਵੀ ਨਾ ਉਠਾ ਸਕਣ, ਉਹ ਜਿਉਂਦੀਆਂ ਕੌਮਾਂ 'ਚ ਨਹੀਂ ਗਿਣੀਆਂ ਜਾਂਦੀਆਂ।

ਜੇ ਜਿਉਂਦੇ ਹਾਂ ਤਾਂ ਜਿਉਂਦੇ ਹੋਣ ਦਾ ਸਬੂਤ ਦੇਈਏ।

17 ਮਾਰਚ ਦੀ ਇਕੱਤਰਤਾ ਵਿੱਚ ਪਹੁੰਚੀਏ ਤਾਂ ਕਿ ਸੰਘਰਸ਼ ਦੀ ਰੂਪ ਰੇਖਾ ਉਲੀਕੀ ਜਾ ਸਕੇ।







ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਲਾਈਵ ਪ੍ਰਸਾਰਣ
ਆਵਾਜ਼ਿ ਕੌਮ
AWAZE QAUM
WEB TV
'ਤੇ ਦੇਖਿਆ ਜਾ ਸਕਦਾ ਹੈ।

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਮਤਾ ਪਾਸ ਹੋ ਗਿਆ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਭਵਿੱਖ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ। ਇਸ ਤੋਂ ਇਲਾਵਾ ਇਕ ਵਿਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿਚ ਮਦਦ ਲਈ ਖੇਡ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £630,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ। ਇੱਕ ਵਾਰ ਸੇਵਾ ਦੇਣੀ ਜਾਂ ਪ੍ਰਤੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।

**ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:**

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੇਲੇ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk
DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

ਸ੍ਰੀ ਅਕਾਲ ਸਹਾਏ ੴ ਸਤਿਗੁਰ ਪ੍ਰਸਾਦਿ॥ ਸ੍ਰੀ ਅਕਾਲ ਸਹਾਏ

# ਸ਼ਹੀਦੀ ਸਮਾਗਮ ਮਿਸ਼ੀਗਨ (USA)



ਸੰਦੀਪ ਸਿੰਘ (ਦੀਪ ਸਿੱਧੂ)



ਭਾਈ ਹਰਦੀਪ ਸਿੰਘ (ਨਿੱਝਰ)



ਭਾਈ ਅਵਤਾਰ ਸਿੰਘ (ਖੰਡਾ)

ਪੰਜਾਬ ਅਤੇ ਸਿੱਖ ਹੱਕਾਂ ਦੇ ਚਲ ਰਹੇ ਸੰਘਰਸ਼ ਵਿੱਚ ਸੱਚ ਅਤੇ ਖਾਲਿਸਤਾਨ ਸਿੱਖ ਰਾਜ ਲਈ ਸ਼ਹੀਦੀ ਦੇਣ ਵਾਲੇ ਸਿੰਘਾਂ ਦੀ ਮਿੱਠੀ ਯਾਦ ਵਿੱਚ ਗੁਰਦੁਆਰਾ ਸਾਹਿਬ ਸਿੰਘ ਸਭਾ ਆਫ਼ ਮਿਸ਼ੀਗਨ ਕੈਂਟਨ ਵਿਖੇ 15 ਮਾਰਚ ਨੂੰ ਸ੍ਰੀ ਅੰਖਡ ਸਾਹਿਬ ਪ੍ਰਕਾਸ਼ ਕੀਤੇ ਜਾਣਗੇ ਅਤੇ 17 ਮਾਰਚ ਨੂੰ ਭੋਗ ਪਾਏ ਜਾਣਗੇ। ਇਸ ਮੌਕੇ ਪੰਜਾਬ ਤੋਂ ਆਏ ਢਾਡੀ ਜੱਥਾ ਭਾਈ ਮਨਿੰਦਰ ਸਿੰਘ ਖਾਲਸਾ ਜੱਥੇ ਸਮੇਤ ਸ਼ਹੀਦਾਂ ਦੀਆਂ ਵਾਰਾਂ ਗਾ ਕੇ ਸੰਗਤਾ ਨੂੰ ਨਿਹਾਲ ਕਰਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਪਰੋਗ੍ਰਾਮ

### 15 ਮਾਰਚ, 2024 ਦਿਨ ਸ਼ੁੱਕਰਵਾਰ ਨੂੰ

ਆਰੰਭ ਸ੍ਰੀ ਅੰਖਡ ਪਾਠ ਸਾਹਿਬ ਜੀ----------- ਸਵੇਰੇ 06:00 ਵਜੇ।

### 17 ਮਾਰਚ, 2024 ਦਿਨ ਐਤਵਾਰ ਨੂੰ

ਭੋਗ ਸ੍ਰੀ ਅੰਖਡ ਪਾਠ ਸਾਹਿਬ ਜੀ----------- ਸਵੇਰੇ 10:30 ਵਜੇ।

ਸੰਗਤ ਅਤੇ ਬੱਚਿਆਂ ਵੱਲੋਂ ਕੀਰਤਨ --------- 11:00 ਵਜੇ ਤੋਂ 11:15 ਵਜੇ ਤੱਕ

ਕੀਰਤਨ ਹਜ਼ੂਰੀ ਜੱਥਾ ਭਾਈ ਹਰਜੀਤ ਸਿੰਘ ਜੀ --11:15 ਤੋਂ 12:10 ਵਜੇ ਤੱਕ

ਢਾਡੀ ਵਾਰਾਂ ਜੱਥਾ ਭਾਈ ਮਨਿੰਦਰ ਸਿੰਘ ਜੀ --12:10 ਤੋਂ 01:30 ਵਜੇ ਤੱਕ

ਸਮੂੰਹ ਸਾਧ ਸੰਗਤ ਜੀ ਦੇ ਚਰਨਾਂ ਵਿੱਚ ਬੇਨਤੀ ਹੈ ਕਿ ਇਸ ਸਮੇਂ ਆਪ ਜੀ ਗੁਰਦੁਆਰਾ ਸਾਹਿਬ ਹਾਜ਼ਰੀ ਭਰ ਕੇ ਗੁਰਬਾਣੀ ਸ੍ਰਵਣ ਕਰਕੇ ਆਪਣਾ ਜੀਵਨ ਸਫਲਾ ਕਰੋ ਅਤੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

## ਗੁਰਦੁਆਰਾ ਸਾਹਿਬ ਸਿੰਘ ਸਭਾ ਆਫ਼ ਮਿਸ਼ੀਗਨ ਕੈਂਟਨ।

3310 S Canton Center Rd, Canton, MI 48188

Contact- +1 734-612-0002, +1 734-674-6688


ਗੁਰਦੁਆਰਾ ਬਾਬੇ ਸ਼ਹੀਦਾਂ ਬ੍ਰਾਂਚ ਦਮਦਮੀ ਟਕਸਾਲ, ਜੱਥਾ ਭਿੰਡਰਾਂ (ਮਹਿਤਾ)
ਸਰਮੱਸਤਪੁਰ (ਜਲੰਧਰ) ਵਿਖੇ
ਗੁਰਦੁਆਰਾ ਸਾਹਿਬ ਦੇ ਨਵੇਂ ਦਰਬਾਰ ਹਾਲ ਦਾ
ਉਦਘਾਟਨ
15-16-17 ਮਾਰਚ 2024
ਸ਼ੁਕਰਵਾਰ-ਸ਼ਨੀਵਾਰ, ਸ਼ਾਮ 6.00 ਤੋਂ 10.00 ਵਜੇ ਤੱਕ
ਐਤਵਾਰ ਸਵੇਰੇ 9.00 ਤੋਂ ਸ਼ਾਮ 4.00 ਵਜੇ ਤੱਕ
ਵਿਸ਼ੇਸ਼ ਸੇਵਾ
ਗੁਰਦੁਆਰਾ ਬਾਬੇ ਸ਼ਹੀਦਾਂ ਅਸਥਾਨ ਦੇ ਮੁਖ ਦਰਬਾਰ ਸਾਹਿਬ ਦੀ ਚਲ ਰਹੀ ਕਾਰ ਸੇਵਾ ਵਿੱਚ ਤਨ-ਮਨ-ਧਨ ਨਾਲ ਸੇਵਾ ਕਰਕੇ ਕਿਰਤ ਕਮਾਈ ਸਫਲ ਕਰੋ ਜੀ।
ਸਰਬੱਤ ਸੰਗਤਾਂ ਨੂੰ ਬੇਨਤੀ ਹੈ ਕਿ ਸਮਾਗਮਾਂ ਵਿਚ ਵੱਧ ਤੋਂ ਵੱਧ ਹਾਜ਼ਰੀਆਂ ਭਰਕੇ ਤਨ-ਮਨ ਅਤੇ ਧਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।
ਚਾਹ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।
Live on
LIVE
HAR AMRIT LIVE
CONTACT : 98722-39775
ਗੁਰੂ ਪੰਥ ਦੇ ਦਾਸ :
ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਮੁਖੀ ਦਮਦਮੀ ਟਕਸਾਲ (ਪ੍ਰਧਾਨ ਸੰਤ ਸਮਾਜ)
ਮੁੱਖ ਪ੍ਰਬੰਧਕ ਗੁਰਦੁਆਰਾ ਬਾਬੇ ਸ਼ਹੀਦਾਂ ਸਰਮਸਤਪੁਰ (ਪਠਾਨਕੋਟ ਰੋਡ) ਬ੍ਰਾਂਚ ਦਮਦਮੀ ਟਕਸਾਲ ਜੱਥਾ ਭਿੰਡਰਾਂ (ਮਹਿਤਾ)
Amrit
ਸੰਪਰਕ : 99158-00904, 99141-00113, 95927-23111, 97795-81613
ਆਵਾਜ਼ਿ ਕੌਮ
AWAZE QAUM
International Newspaper & WEB TV

# ਢੀਂਡਸੇ ਨੂੰ ਸ਼ੋ੍ਮਣੀ ਅਕਾਲੀ ਦਲ ਸੰਯੁਕਤ ਦੀ ਪ੍ਰਧਾਨਗੀ ਤੋਂ ਹਟਾਇਆ ਤੇ ਨਵਾਂ ਪ੍ਰਧਾਨ ਜਲਦੀ ਐਲਾਨਿਆ ਜਾਵੇਗਾ : ਭਾਈ ਮੋਹਕਮ ਸਿੰਘ : ਮੰਝਪੁਰ, ਭੋਮਾ

## ਢੀਂਡਸਾ ਪਿਉ ਪੁੱਤ ਨੂੰ ਮੁੱਢਲੀ ਮੈਂਬਰਸ਼ਿਪ ਤੋਂ ਕੀਤਾ ਖ਼ਾਰਜ



**ਅੰਮ੍ਰਿਤਸਰ, 15 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੱਜ ਸ਼ੋ੍ਮਣੀ ਅਕਾਲੀ ਦਲ ਸੰਯੁਕਤ ਦੇ ਅਹੁਦੇਦਾਰਾਂ ਅਤੇ ਵਰਕਰ ਸਾਹਿਬਾਨ ਦੀ ਇੱਕ ਹੰਗਾਮੀ ਮੀਟਿੰਗ ਅੰਮ੍ਰਿਤਸਰ ਵਿਖੇ ਭਾਈ ਮੋਹਕਮ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਸ ਹਰਬੰਸ ਸਿੰਘ ਮੰਝਪੁਰ ਜਰਨਲ ਸਕੱਤਰ ਮਨਜੀਤ ਸਿੰਘ ਭੋਮਾ, ਸਤਨਾਮ ਸਿੰਘ ਮਨਾਵਾਂ, ਸ ਬੇਅੰਤ ਸਿੰਘ ਖ਼ਿਆਲਾਂ, ਗੁਰਪ੍ਰੀਤ ਸਿੰਘ ਕਲਕੱਤਾ , ਸ ਸੰਦੀਪ ਸਿੰਘ ਰੁਪਾਲੋਂ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਸ਼ਾਮਲ ਹੋਏ। ਮੀਟਿੰਗ ਵਿੱਚ ਸਰਬਸੰਮਤੀ ਨਾਲ ਇੱਕ ਮਤਾ ਪਾਸ ਕਰਕੇ ਸ ਸੁਖਦੇਵ ਸਿੰਘ ਢੀਂਡਸੇ ਤੋਂ ਵੱਡੇ ਪੱਧਰ ਤੇ ਬਹੁਗਿਣਤੀ ਬਾਗ.ੀ ਹੋਈ ਸ਼ੋ੍ਮਣੀ ਅਕਾਲੀ ਦਲ ਸੰਯੁਕਤ ਦੀ ਲੀਡਰਸ਼ਿਪ ਨੇ ਸ੍ਰ ਸੁਖਦੇਵ ਸਿੰਘ ਢੀਂਡਸਾ ਜਿਹਨਾਂ ਨੂੰ ਜੁਲਾਈ 2020 ਵਿੱਚ ਜਰਨਲ ਹਾਊਸ ਵਿੱਚ ਲੁਧਿਆਣਾ ਵਿਖੇ ਪਾਰਟੀ ਪ੍ਰਧਾਨ ਚੁਣਿਆ ਗਿਆ ਸੀ ਉਹਨਾਂ ਨੇ ਮਿਤੀ ਪੰਜ ਮਾਰਚ 2024 ਨੂੰ ਪਾਰਟੀ ਦੀਆਂ ਨੀਤੀਆਂ ਦੇ ਖ਼ਿਲਾਫ਼ ਬਰਗਾੜੀ ਬੇਅਦਬੀ ਕਾਂਡ , ਬਹਿਬਲਕਲਾਂ ਗੋਲੀ ਕਾਂਡ ਦੇ ਦੋਸ਼ੀ, ਸਰਸਾ ਸਾਧ ਦੀ ਮੁਆਫੀ ਦੇਣ ਵਾਲ਼ੀ ਪਾਰਟੀ ਸ਼ੋ੍ਮਣੀ ਅਕਾਲੀ ਦਲ ਬਾਦਲ ਦੇ ਵਿੱਚ ਸ਼ੋ੍ਮਣੀ ਅਕਾਲੀ ਦਲ ਸੰਯੁਕਤ ਦਾ ਰਲੇਵਾਂ ਕਰ ਲਿਆ ਹੈ ਅਤੇ ਇਸ ਫੈਸਲੇ ਬਾਰੇ ਜਨਰਲ ਹਾਊਸ ਦੇ 2/3 ਮੈਂਬਰਾਂ ਤੋਂ ਪ੍ਰਵਾਨਗੀ ਨਹੀਂ ਲਈ ਗਈ ਇਸ ਲਈ ਸ ਸੁਖਦੇਵ ਸਿੰਘ ਢੀਂਡਸਾ ਸਾਬਕਾ ਪ੍ਰਧਾਨ ਸ਼ੋ੍ਮਣੀ ਅਕਾਲੀ ਦਲ ਸੰਯੁਕਤ ਅਤੇ ਸਾਬਕਾ ਕੈਬਨਿਟ ਮੰਤਰੀ ਸ੍ਰ ਪਰਮਿੰਦਰ ਸਿੰਘ ਢੀਂਡਸਾ ਨੂੰ ਸ੍ਰ ਸੁਖਬੀਰ ਸਿੰਘ ਬਾਦਲ ਵਰਗੇ ਪੰਥ ਅਤੇ ਪੰਜਾਬ ਦੋਖੀਆਂ ਅੱਗੇ ਜਰਨਲ ਨਿਆਜ਼ੀ ਵਾਂਗ ਹੱਥ ਖੜ੍ਹੇ ਕਰਕੇ ਪੰਥ ਤੇ ਪੰਜਾਬ ਨੂੰ ਅਤੇ ਸ਼ੋ੍ਮਣੀ ਅਕਾਲੀ ਦਲ ਸੰਯੁਕਤ ਨੂੰ ਧੋਖਾ ਤੇ ਗਦਾਰੀ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਖਾਧੀਆਂ ਸਹੁੰਆਂ ਤੋੜਕੇ ਕੇ ਸਾਰੀ ਪਾਰਟੀ ਦਾ ਮੁੱਲ ਵੱਟਕੇ ਇੱਕ ਪੁੱਤ ਮੋਹ ਵਿੱਚ ਇੱਕ ਨਿਗੂਣੀ ਟਿਕਟ ਦੀ ਖ਼ਾਤਰ ਸਿੱਖ ਕੌਮ ਤੇ ਪੰਜਾਬੀਆਂ ਦੀਆਂ ਭਾਵਨਾਵਾਂ ਨਾਲ ਜੋ ਖਿਲਵਾੜ ਕੀਤਾ ਹੈ ਉਸ ਨਾਲ ਪੰਜਾਬੀਆਂ ਖਾਸ ਕਰ ਪੰਥ ਹਿਤੈਸ਼ੀ ਟਕਸਾਲੀ ਅਕਾਲੀ ਵਰਕਰਾਂ ਦੇ ਲਾਹਨਤਾਂ ਪਾਉਂਦੇ ਵਲੂੰਦਰੇ ਹਿਰਦੇ ਇਹ ਕਹਿ ਰਹੇ ਹਨ ਕਿ ਪੰਥ ਵਿਸ਼ਵਾਸ ਕਰੇ ਤੇ ਕਿਸ ਤੇ ਕਰੇ ? ਅੰਤ ਵਿੱਚ ਸਭ ਧਿਆਨ ਸਿੰਘ ਡੋਗਰੇ ਹੀ ਨਿਕਲਦੇ ਹਨ ਇਸ ਲਈ ਅੱਜ ਦਾ ਇਹ ਇਕੱਠ ਸਰਬਸੰਮਤੀ ਨਾਲ ਇੱਕ ਮਤਾ ਪਾਸ ਕਰਕੇ ਸ੍ਰ ਸੁਖਦੇਵ ਸਿੰਘ ਢੀਂਡਸਾ ਨੂੰ ਪ੍ਰਧਾਨਗੀ ਤੋਂ ਲਾਹਕੇ ਤੇ ਸ੍ਰ ਪਰਮਿੰਦਰ ਸਿੰਘ ਢੀਂਡਸਾ ਨੂੰ ਆਪਣੇ ਲਏ ਸਿਧਾਂਤਕ ਸਟੈਂਡ ਤੋਂ ਬਿਲਕੁਲ ਉਲਟ ਜਾ ਕੇ ਪੰਥ ਤੇ ਪੰਜਾਬ ਦੀ ਪਿੱਠ ਵਿੱਚ ਛੁਰਾ ਮਾਰਨ ਦੇ ਦੋਸ਼ ਹੇਠ ਦੋਵਾਂ ਪਿਉ ਪੁੱਤਾਂ ਨੂੰ ਸ਼ੋ੍ਮਣੀ ਅਕਾਲੀ ਦਲ ਸੰਯੁਕਤ ਦੀ ਮੁਢਲੀ ਮੈਂਬਰਸ਼ਿਪ ਤੋਂ ਖਾਰਜ ਕਾਰਨ ਦਾ ਐਲਾਨ ਕਰਦਾ ਹੈ ਕਿਉਂਕਿ ਢੀਂਡਸਾ ਤੇ ਬਾਦਲ ਇਕੋ ਥਾਲ਼ੀ ਦੇ ਚੱਟੇ ਵੱਟੇ ਹਨ। ਜਿਹਨਾਂ ਨੇ ਪਿਛਲੇ 15 ਸਾਲਾਂ ਦੇ ਬਾਦਲਾਂ ਦੇ ਰਾਜ ਵਿੱਚ ਦੋਵੇਂ ਪ੍ਰਵਾਰ ਹਰ ਗੁਨਾਹ ਤੇ ਪਾਪ ਵਿਚ ਬਰਾਬਰ ਦੇ ਭਾਈਵਾਲ ਤੇ ਦੋਸ਼ੀ ਹਨ । ਜਿਸ ਕਾਰਨ ਪੰਜਾਬ ਦੇ ਲੋਕਾਂ ਤੇ ਪੰਥ ਨੇ ਦੋਵੇਂ ਪ੍ਰਵਾਰ ਨਿਕਾਰ ਸੁੱਟੇ ਹਨ। ਉਹਨਾਂ ਕਿਹਾ ਜਿਸ ਢੀਂਡਸੇ ਪਿਉ ਪੁੱਤ ਨੇ ਸਤਾ ਦੇ ਸਿਖ਼ਰਲੇ ਸਾਰੇ ਸੁੱਖ ਭੋਗ ਲਏ ਸੀ ਨੂੰ ਇਸ ਤਰ੍ਹਾਂ ਦੀ ਇਸ ਉਮਰ ਵਿੱਚ ਜ਼ਲਾਲਤ ਭਰੀ ਹਾਰ ਮੰਨਣ ਤੇ ਜ਼ਿੰਦਗੀ ਜਿਊਣ ਨਾਲੋਂ ਅਣਖ਼ ਦੀ ਜ਼ਿੰਦਗੀ ਨਾਲ ਮਰ ਜਾਣਾ ਲੱਖ ਦਰਜ਼ੇ ਚੰਗਾ ਸੀ। ਉਹਨਾਂ ਕਿਹਾ ਬ੍ਰਹਮਪੁਰਾ ਆਖ਼ਰੀ ਉਮਰੇ ਕੀ ਖੱਟਕੇ ਗਿਆ ? ਜ਼ਲਾਲਤ ਤੇ ਕਰਾਰੀ ਹਾਰ ।ਵੱਡਾ ਬਾਦਲ ਵੀ ਸਤਾ ਦੇ ਲਾਲਚ ਆਖ਼ਰੀ ਲੜਾਈ ਹਾਰ ਕੇ ਜ਼ਲਾਲਤ ਨਾਲ਼ ਇਸ ਦੁਨੀਆਂ ਤੋਂ ਕੂਚ ਕਰਕੇ ਗਿਆ । ਉਹਨਾਂ ਕਿਹਾ ਹਰ ਪੰਜਾਬੀ ਤੇ ਪੰਥ ਦਰਦੀ ਸ਼ੋ੍ਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਲੋਚਦਾ ਹੈ ਪਰ ਸ ਸੁਖਬੀਰ ਸਿੰਘ ਬਾਦਲ ਦੀ ਪ੍ਰਧਾਨਗੀ ਹੇਠ ਨਹੀਂ । ਉਹਨਾਂ ਕਿਹਾ ਮਾਝੇ , ਦੁਆਬੇ , ਮਾਲਵੇ ਤੇ ਚੰਡੀਗੜ੍ਹ ਵਿਖੇ ਵੱਖ ਵੱਖ ਆਗੂਆਂ ਨਾਲ਼ ਮੀਟਿੰਗਾਂ ਕਰਕੇ ਸ਼ੋ੍ਮਣੀ ਅਕਾਲੀ ਦਲ ਸੰਯੁਕਤ ਦਾ ਜਥੇਬੰਦਕ ਢਾਂਚਾ ਮਜ਼ਬੂਤ ਕੀਤਾ ਜਾਵੇਗਾ।

2. ਅੱਜ ਦਾ ਇਹ ਇਕੱਠ ਸ਼ੋ੍ਮਣੀ ਅਕਾਲੀ ਦਲ ਸੰਯੁਕਤ ਕੇਸਰੀ ਝੰਡੇ ਹੇਠ ਪੰਥ ਤੇ ਪੰਜਾਬ ਦੇ ਭਖਦੇ ਮੁੱਦਿਆਂ ਨੂੰ ਹੱਲ ਕਰਨ ਦਾ ਪ੍ਰਣ ਕਰਦਾ ਹੈ।

3. ਅੱਜ ਦਾ ਇਹ ਇਕੱਠ ਪੰਥ,ਪੰਜਾਬ ਤੇ ਪੂਰੇ ਭਾਰਤ ਵਿੱਚ ਅਸਲੀ ਫੈਡਰਲ ਢਾਂਚੇ ਨੂੰ ਸਥਾਪਤ ਕਰਨ ਲਈ ਜਦੋ ਜਹਿਦ ਕਰਨ ਦਾ ਸੰਕਲਪ ਕਰਦਾ ਹੈ।

4. ਅੱਜ ਦਾ ਇਹ ਇਕੱਠ ਸਿੱਖ ਪੰਥ ਤੇ ਪੰਜਾਬੀਆਂ ਨੂੰ ਵਿਸ਼ਵਾਸ ਦਵਾਉਂਦਾ ਹੈ ਕਿ ਸ਼ੋ੍ਮਣੀ ਅਕਾਲੀ ਦਲ ਸੰਯੁਕਤ ਜਲਦ ਹੀ ਆਪਣਾ ਪਾਰਟੀ ਦਾ ਨਵਾਂ ਪ੍ਰਧਾਨ ਐਲਾਨ ਕੇ ਪੰਥ ਤੇ ਪੰਜਾਬ ਦੀਆਂ ਧਾਰਮਿਕ, ਆਰਥਿਕ, ਵਿਦਿਅਕ ,ਬੇਰੁਜਗਾਰੀ, ਸਮਾਜਿਕ, ਵਿਉਪਾਰ, ਕਿਰਸਾਨੀ ਤੇ ਮਜਦੂਰ ਅਤੇ ਵਿਦਿਆਰਥੀ ਵਰਗ ਨੂੰ ਆ ਰਹੀਆਂ ਸਮੱਸਿਆਵਾਂ ਦੇ ਹੱਲ ਲਈ ਠੋਸ ਕਦਮ ਚੁੱਕੇਗਾ। ਇਸਦੇ ਨਾਲ ਬੁੱਢੀ ਠੇਰੀ ਅਕਾਲੀ ਲੀਡਰਸ਼ਿਪ ਦੇ ਕਾਕਿਆਂ ਦੀ ਲੀਡਰਸ਼ਿਪ ਰੱਦ ਕਰਕੇ ਨਵੀਂ ਨੌਜਵਾਨ ਪੰਥਕ ਲੀਡਰਸ਼ਿਪ ਉਭਾਰੀ ਜਾਵੇਗੀ । ਉਹਨਾਂ ਕਿਹਾ 2024 ਦੀਆਂ ਲੋਕ ਸਭਾ ਦੀਆਂ ਚੋਣਾਂ ਵਿੱਚ ਵਿਧਾਨ ਸਭਾ ਚੋਣਾਂ ਵਾਂਗ ਪੰਜਾਬ ਦੇ ਲੋਕ ਅਕਾਲੀ ਉਮੀਦਵਾਰਾਂ ਦੀਆਂ ਜਮਾਨਤਾਂ ਜਬਤ ਕਰਵਾ ਦੇਣਗੇ।

5. ਇੱਕ ਮਤੇ ਰਾਹੀਂ ਅੱਜ ਦਾ ਇਹ ਪੰਥਕ ਇਕੱਠ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਭਾਈ ਅੰਮ੍ਰਿਤਪਾਲ ਸਿੰਘ ਤੇ ਉਸਦੇ ਸਾਥੀਆਂ ਅਤੇ 32 - 32 ਸਾਲ ਤੋਂ ਭਾਰਤ ਦੀਆਂ ਵੱਖ ਵੱਖ ਜੇਲ੍ਹਾਂ ਵਿੱਚ ਬੰਦ ਭਾਈ ਜਗਤਾਰ ਸਿੰਘ ਹਵਾਰਾ , ਭਾਈ ਬਲਵੰਤ ਸਿੰਘ ਰਾਜੋਆਣਾ , ਭਾਈ ਗੁਰਦੀਪ ਸਿੰਘ ਖੇੜਾ ਆਦਿ ਸਿੱਖ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕਰਨ ਦੀ ਪੁਰਜ਼ੋਰ ਮੰਗ ਕਰਦਾ ਹੈ ਅੱਜ ਦੀ ਮੀਟਿੰਗ ਵਿੱਚ ਭਾਈ ਮੋਹਕਮ ਸਿੰਘ ਜਥੇਦਾਰ ਹਰਬੰਸ ਸਿੰਘ ਮੰਝਪੁਰ , ਮਨਜੀਤ ਸਿੰਘ ਭੋਮਾ , ਸਤਨਾਮ ਸਿੰਘ ਮਨਾਵਾਂ , ਸ ਬੇਅੰਤ ਸਿੰਘ ਖਿਆਲਾ ਭਰਾਤਾ ਜਨਰਲ ਸੁਬੇਗ ਸਿੰਘ , ਗੁਰਪ੍ਰੀਤ ਸਿੰਘ ਕਲਕੱਤਾ , ਚੌਧਰੀ ਚਰਨ ਦਾਸ ਤਲਵੰਡੀ , ਹਰਜੀਤ ਸਿੰਘ ਪੁਰੇਵਾਲ , ਮਧੂਪਾਲ ਸਿੰਘ ਗੋਗਾ , ਹੈਡਮਾਸਟਰ ਪਲਵਿੰਦਰ ਸਿੰਘ ਡਾਕਟਰ ਲਖਵਿੰਦਰ ਸਿੰਘ ਢਿੰਗਨੰਗਲ ਪਲਵਿੰਦਰ ਸਿੰਘ ਪੰਨੂ , ਸੰਦੀਪ ਸਿੰਘ ਰੁਪਾਲੋਂ ਚੌਧਰੀ ਚਰਨ ਦਾਸ ਤਲਵੰਡੀ ਜਥੇਦਾਰ ਦੀਦਾਰ ਸਿੰਘ ਚੌਧਰਪੁਰਾ , ਪਰਮਜੀਤ ਸਿੰਘ ਜਿੱਜੇਆਣੀ ਬਲਦੇਵ ਸਿੰਘ ਅਦਲੀਵਾਲ , ਜੱਸਾ ਸਿੰਘ ਮੰਡਿਆਲਾ , ਵਿਕਰਮ ਗੁਲਜ਼ਾਰ ਸਿੰਘ ਖੋਜਕੀਪੁਰ , ਰਜਵਿੰਦਰ ਸਿੰਘ ਰਾਜੂ ਆਦਿ ਆਗੂ ਹਾਜਰ ਸਨ।

## ਸ਼ੋ੍ਮਣੀ ਕਮੇਟੀ ਪ੍ਰਧਾਨ ਧਾਮੀ ਨੇ ਤਖਤ ਸ੍ਰੀ ਦਮਦਮਾ ਸਾਹਿਬ ਦੇ

# ਚੌਗਰਿਦੇ ਨੂੰ ਸੁੰਦਰ ਬਣਾਉਣ ਦੇ ਪ੍ਰਾਜੈਕਟ ਦਾ ਕੀਤਾ ਆਰੰਭ

**ਤਲਵੰਡੀ ਸਾਬੋ, 15 ਮਾਰਚ (ਗੁਰਜੰਟ ਸਿੰਘ ਨਥੇਹਾ)**- ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਦੇ ਚੌਗਰਿਦੇ ਨੂੰ ਸੁੰਦਰ ਬਣਾਉਣ ਦੇ ਵੱਖ-ਵੱਖ ਪ੍ਰਾਜੈਕਟਾਂ ਦੀ ਅੱਜ ਸ਼ੋ੍ਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਰਦਾਸ ਉਪਰੰਤ ਆਰੰਭਤਾ ਕਰਵਾਈ ।ਇਸ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਸਮੇਤ ਧਾਰਮਿਕ ਅਤੇ ਰਾਜਸੀ ਸਖਸ਼ੀਅਤਾਂ ਵੀ ਮੌਜੂਦ ਦਿਖਾਈ ਦਿੱਤੀਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਸਭ ਤੋਂ ਪਹਿਲਾਂ ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਣ ਉਪਰੰਤ ਸਿੱਖ ਕੌਮ ਦੇ ਮਹਾਨ ਯੋਧੇ,ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਇਤਿਹਾਸਿਕ ਬੁਰਜ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਵੱਲੋਂ ਕੀਤੀ ਅਰਦਾਸ ਉਪਰੰਤ ਸੰਗਤਾਂ ਦੇ ਸਮਰਪਿਤ ਕੀਤਾ ਜਿਸਨੂੰ ਕਾਰ ਸੇਵਾ ਦਿੱਲੀ ਵਾਲਿਆਂ ਵੱਲੋਂ ਪੁਰਾਤਨ ਇੱਟਾਂ ਦੀ ਸਹਾਇਤਾਂ ਨਾਲ ਸੁੰਦਰ ਅਤੇ ਆਲੌਕਿਕ ਦਿੱਖ ਪ੍ਰਦਾਨ ਕੀਤੀ ਗਈ ਹੈ। ਉਨਾਂ ਨੇ ਕਾਰ ਸੇਵਾ ਦਿੱਲੀ ਵਾਲਿਆਂ ਦੇ ਸੇਵਾਦਾਰ ਬਾਬਾ ਚਰਨਜੀਤ ਸਿੰਘ ਨੂੰ ਸਨਮਾਨਿਤ ਵੀ ਕੀਤਾ ।ਇਸ ਉਪਰੰਤ ਐਡਵੋਕੇਟ ਧਾਮੀ ਨੇ ਤਖਤ ਸਾਹਿਬ ਨੂੰ ਆਉਂਦੇ ਮੁੱਖ ਰਾਸਤੇ ਨੂੰ ਹਰਾ ਭਰਾ ਬਣਾਉਣ ਲਈ ਸਮੁੱਚੇ ਰਾਸਤੇ ਤੇ ਛਾਂਦਾਰ ਪੌਦੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਇੱਕ ਪੌਦਾ ਲਗਾ ਕੇ ਕੀਤੀ। ਸ਼ੋ੍ਮਣੀ ਕਮੇਟੀ ਪ੍ਰਧਾਨ ਨੇ ਇਸ ਮੌਕੇ ਕਾਰ ਸੇਵਾ ਭੂਰੀ ਵਾਲਿਆਂ ਵੱਲੋਂ ਨਿਰਮਾਣ ਅਧੀਨ ਮੁੱਖ ਡਿਉਢੀ ਦੇ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਸੇਵਾ ਲਈ ਕਾਰ ਸੇਵਾ ਭੂਰੀ ਵਾਲਿਆਂ ਦੇ ਸੇਵਾਦਾਰ ਬਾਬਾ ਸੁਖਵਿੰਦਰ ਸਿੰਘ ਦਾ ਸਨਮਾਨ ਕੀਤਾ ਗਿਆ। ਉਨਾਂ ਨੇ ਤਖਤ ਸਾਹਿਬ ਦੇ ਲੰਗਰਾਂ ਲਈ ਲੋੜੀਂਦੇ ਆਟੇ ਦੀ ਪੂਰਤੀ ਲਈ ਇੱਕ ਵੱਡੀ ਆਟਾ ਚੱਕੀ ਦਾ ਆਰੰਭ ਵੀ ਕਰਵਾਇਆ। ਐਡਵੋਕੇਟ ਧਾਮੀ ਨੇ ਇਸ ਮੌਕੇ ਕਿਹਾ ਕਿ ਤਖਤ ਸ੍ਰੀ ਦਮਦਮਾ ਸਾਹਿਬ ਦੇ ਚੌਗਰਿਦੇ ਨੂੰ ਸੁੰਦਰ ਦਿੱਖ ਦੇਣ ਲਈ ਖੁਦ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਯਤਨਸ਼ੀਲ ਹਨ ਅਤੇ ਉਨ੍ਹਾਂ ਦੀ ਅਗਵਾਈ ਹੇਠ ਤਖਤ ਸਾਹਿਬ ਤੇ ਨੇੜ ਭਵਿੱਖ 'ਚ ਅਜਿਹੇ ਕਾਰਜ ਕੀਤੇ ਜਾਣਗੇ ਜਿਸਦੇ ਚਲਦਿਆਂ ਸੰਗਤਾਂ ਤਖਤ ਸਾਹਿਬ ਦੇ ਆਲੌਕਿਕ ਵਾਤਾਵਰਨ ਦਾ ਆਨੰਦ ਲੈਂਦਿਆਂ ਗੁਰੂ ਸਾਹਿਬ ਦੀ ਗੋਦ ਦਾ ਹੋਰ ਨਿੱਘ ਮਾਣ ਸਕਣਗੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀ. ਅਕਾਲੀ ਆਗੂ ਸਿਕੰਦਰ ਸਿੰਘ ਮਲੂਕਾ ਸਾਬਕਾ ਮੰਤਰੀ, ਜਥੇਦਾਰ ਮੋਹਨ ਸਿੰਘ ਬੰਗੀ, ਜਥੇਦਾਰ ਗੁਰਪ੍ਰੀਤ ਸਿੰਘ ਝੱਬਰ ਦੋਵੇਂ ਅੰਤ੍ਰਿਗ ਮੈਂਬਰ ਸ਼ੋ੍ਮਣੀ ਕਮੇਟੀ, ਭਾਈ ਗੁਰਚਰਨ ਸਿੰਘ ਗਰੇਵਾਲ ਸਾਬਕਾ ਜਨਰਲ ਸਕੱਤਰ ਸ਼ੋ੍ਮਣੀ ਕਮੇਟੀ, ਜਥੇਦਾਰ ਅਮਰੀਕ ਸਿੰਘ ਕੋਟਸ਼ਮੀਰ, ਬੀਬੀ ਜੋਗਿੰਦਰ ਕੌਰ, ਜਥੇ. ਸੁਰਜੀਤ ਸਿੰਘ ਰਾਏਪੁਰ, ਬੀਬੀ ਗੁਰਿੰਦਰ ਕੌਰ ਭੋਲੂਵਾਲਾ ਸਾਰੇ ਮੈਂਬਰ ਸ਼ੋ੍ਮਣੀ ਕਮੇਟੀ, ਭਾਈ ਰਣਜੀਤ ਸਿੰਘ ਮੈਨੇਜ਼ਰ ਤਖਤ ਸ੍ਰੀ ਦਮਦਮਾ ਸਾਹਿਬ, ਭਾਈ ਜਗਪਾਲ ਸਿੰਘ ਇੰਚਾਰਜ ਧਰਮ ਪ੍ਰਚਾਰ ਸਬ ਆਫਿਸ, ਗੁਰਦੇਵ ਸਿੰਘ ਸੰਧੂ, ਗੁਰਸੇਵਕ ਸਿੰਘ ਕਿੰਗਰਾ ਦੋਵੇਂ ਮੀਤ ਮੈਨੇਜ਼ਰ, ਭਾਈ ਰਵਿੰਦਰ ਸਿੰਘ ਖਾਲਸਾ ਪ੍ਰਿੰਸੀਪਲ ਗੁਰਮਤਿ ਵਿਦਿਆਲਾ ਆਦਿ ਮੌਜੂਦ ਰਹੇ।





### ਕੇਂਦਰ ਸਰਕਾਰ, ਸਿੱਖ ਬੀਬੀਆਂ ਲਈ ਦੋ ਪਹੀਆ ਵਾਹਨ ਚਲਾਉਣ ਵੇਲੇ ਹੈਲਮਟ ਪਾਉਣ ਬਾਰੇ ਫੈਸਲਾ ਲੈਣ ਤੋਂ ਪਹਿਲਾਂ

# ਸਿੱਖ ਧਾਰਮਿਕ ਸੰਸਥਾਵਾਂ ਨਾਲ ਕਰੇ ਰਾਇ ਮਸ਼ਵਰਾ: ਦਿੱਲੀ ਗੁਰਦਵਾਰਾ ਕਮੇਟੀ

ਨਵੀਂ ਦਿੱਲੀ, 15 ਮਾਰਚ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਦੇਸ਼ ਵਿਚ ਦੋ ਪਹੀਆ ਵਾਹਨ ਚਲਾਉਣ ਵੇਲੇ ਸਿੱਖ ਬੀਬੀਆਂ ਲਈ ਹੈਲਮਟ ਪਾਉਣੀ ਲਾਜ਼ਮੀ ਕਰਨ ਸਬੰਧੀ ਕੋਈ ਵੀ ਫੈਸਲਾ ਲੈਣ ਤੋਂ ਪਹਿਲਾਂ ਸਿੱਖ

ਆਵਾਜ਼ਿ ਕੌਮ AWAZE QAUM International Newspaper & WEB TV



ਧਾਰਮਿਕ ਸੰਸਥਾਵਾਂ ਨਾਲ ਰਾਇ ਮਸ਼ਵਰਾ ਜ਼ਰੂਰ ਕਰ ਲਿਆ ਜਾਵੇ। ਕੇਂਦਰੀ ਕਾਨੂੰਨ ਤੇ ਨਿਆਂ ਮੰਤਰੀ ਸ੍ਰੀ ਅਰਜੁਨ ਰਾਮ ਮੇਘਵਾਲ ਨੂੰ ਦਿਲੇ ਪੱਤਰ ਵਿਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਉਹਨਾਂ ਦੇ ਧਿਆਨ ਵਿਚ ਕੁਝ ਮੀਡੀਆ ਰਿਪੋਰਟਾਂ ਆਈਆਂ ਹਨ ਜਿਹਨਾਂ ਵਿਚ ਕਿਹਾ ਗਿਆ ਹੈ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਯੂ ਟੀ ਚੰਡੀਗੜ੍ਹ ਵਿਚ ਦੋ ਪਹੀਆ ਵਾਹਨ ਚਲਾਉਣ ਸਮੇਂ ਹੈਲਮਟ ਪਾਉਣ ਤੋਂ ਸਿੱਖ ਬੀਬੀਆਂ ਨੂੰ ਦਿੱਤੀ ਛੋਟ 'ਤੇ ਨਾਰਾਜ਼ਗੀ ਜ਼ਾਹਰ ਕੀਤੀ ਹੈ।

ਉਹਨਾਂ ਨੇ ਕੇਂਦਰੀ ਮੰਤਰੀ ਨੂੰ ਚੇਤੇ ਕਰਵਾਇਆ ਕਿ ਕੇਂਦਰੀ ਗ੍ਰਹਿ ਮੰਤਰਾਲੇ ਨੇ ਅਕਤੂਬਰ 2018 ਵਿਚ ਯੂ ਟੀ ਪ੍ਰਸ਼ਾਸਨ ਨੂੰ ਸਲਾਹ ਦਿੱਤੀ ਸੀ ਕਿ ਚੰਡੀਗੜ੍ਹ ਵਿਚ ਦੋ ਪਹੀਆ ਵਾਹਨ ਚਲਾਉਣ ਸਮੇਂ ਸਿੱਖ ਬੀਬੀਆਂ ਨੂੰ ਹੈਲਮਟ ਪਾਉਣ ਤੋਂ ਛੋਟ ਦਿੱਤੀ ਜਾਵੇ। ਉਹਨਾਂ ਨੇ ਇਹ ਵੀ ਦੱਸਿਆ ਕਿ ਸਿੱਖ ਧਰਮ ਵਿਚ ਸਿੱਖ ਬੀਬੀਆਂ ਦੇ ਹੈਲਮਟ/ਟੋਪੀ ਪਾਉਣ ਦੀ ਮਨਾਹੀ ਹੈ।

ਉਹਨਾਂ ਨੇ ਮੰਤਰੀ ਨੂੰ ਅਪੀਲ ਕੀਤੀ ਕਿ ਪ੍ਰਸ਼ਾਸਨ ਵੱਲੋਂ ਸਿੱਖ ਸਿਧਾਂਤਾਂ ਦੇ ਖਿਲਾਫ ਕੋਈ ਵੀ ਫੈਸਲਾ ਜੋ ਕਿ ਸਿੱਖ ਭਾਵਨਾਵਾਂ ਨੂੰ ਸੱਟ ਮਾਰਦਾ ਹੋਵੇ, ਲੈਣ ਤੋਂ ਪਹਿਲਾਂ ਸਿੱਖ ਧਾਰਮਿਕ ਸੰਸਥਾਵਾਂ ਨਾਲ ਰਾਇ ਮਸ਼ਵਰਾ ਕਰ ਲਿਆ ਜਾਵੇ।

**ਸਿੱਖ ਸਿਧਾਂਤਾਂ ਵਿਚ ਸਿੱਖ ਬੀਬੀਆਂ ਦੇ ਹੈਲਮਟ/ਟੋਪੀ ਪਾਉਣ 'ਤੇ ਹੈ ਮਨਾਹੀ**

ਉਹਨਾਂ ਆਸ ਪ੍ਰਗਟ ਕੀਤੀ ਕਿ ਮੰਤਰੀ ਹਾਲਾਤ ਦੀ ਗੰਭੀਰਤਾ ਅਤੇ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਸਮਝਣਗੇ ਤੇ ਇਸ ਮਾਮਲੇ 'ਤੇ ਸਿੱਖ ਧਾਰਮਿਕ ਸੰਸਥਾਵਾਂ ਨਾਲ ਰਾਇ ਮਸ਼ਵਰਾ ਕਰਨ ਉਪਰੰਤ ਹੀ ਕੋਈ ਫੈਸਲਾ ਲੈਣਗੇ।

### ਬੰਦੀ ਸਿੰਘਾਂ ਦੀ ਰਿਹਾਈ ਅਤੇ ਜੇਲ੍ਹ ਤਬਦੀਲੀ ਲਈ ਹੋ ਰਹੇ 17 ਮਾਰਚ ਦੇ ਇਕੱਠ ਅੰਦਰ ਜੱਥੇਦਾਰ ਅਕਾਲ ਤਖਤ ਸਾਹਿਬ ਹਾਜ਼ਰੀ ਭਰ ਕੇ

# ਪੰਥ ਨੂੰ ਦੇਣ ਠੋਸ ਪ੍ਰੋਗਰਾਮ: ਕੈਨੇਡੀਅਨ ਸਿੱਖ ਸੰਗਤ



ਨਵੀਂ ਦਿੱਲੀ 15 ਮਾਰਚ (ਮਨਪ੍ਰੀਤ ਸਿੰਘ ਖਾਲਸਾ):-ਭਾਈ ਅੰਮ੍ਰਿਤਪਾਲ ਸਿੰਘ ਅਤੇ ਉਹਨਾਂ ਦੇ ਸਾਥੀਆਂ ਦੇ ਨਾਲ ਨਾਲ ਦ੍ਰਿਬੜੂਗੜ ਜੇਲ੍ਹ ਵਿੱਚ ਨਜਰਬੰਦ ਸਾਰੇ ਹੀ ਸਿੰਘਾਂ ਦੇ

ਪਰਿਵਾਰਾਂ ਵੱਲੋਂ ਅਣਮਿਥੇ ਸਮੇਂ ਲਈ ਭੁੱਖ ਹੜਤਾਲ ਨਿਰੰਤਰ ਜਾਰੀ ਹੈ। ਇਸ ਮਸਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਕੈਨੇਡੀਅਨ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੇ ਜੱਥੇਦਾਰ ਅਕਾਲ ਸਾਹਿਬ ਨੂੰ ਪੱਤਰ ਲਿਖਿਆ ਹੈ । ਉਨ੍ਹਾਂ ਲਿਖਿਆ ਕਿ ਮਿਲ ਰਹੀ ਜਾਣਕਾਰੀ ਅਨੁਸਾਰ ਜੇਲ੍ਹ ਅੰਦਰ ਕੁਝ ਸਿੰਘਾਂ ਦੀ ਸਿਹਤ ਬਹੁਤ ਨਾਜੁਕ ਬਣੀ ਹੋਈ ਹੈ। ਭਾਈ ਅੰਮ੍ਰਿਤਪਾਲ ਸਿੰਘ ਸਮੇਤ ਦਿਬੜੂਗੜ ਜੇਲ੍ਹ ਦੇ 10 ਕੈਦੀ ਸਿੰਘਾਂ ਨੂੰ ਤਕਰੀਬਨ 1 ਸਾਲ ਤੋਂ ਨੈਸ਼ਨਲ ਸੁਰੱਖਿਅਤ ਐਕਟ ਹੇਠ ਨਜ਼ਰਬੰਦ ਕੀਤਾ ਗਿਆ ਹੈ। ਇਨ੍ਹਾਂ ਸਿੰਘਾਂ ਨੂੰ ਉਨ੍ਹਾਂ ਦੇ ਹੌਂਸਲੇ ਤੋੜਨ ਵਾਸਤੇ ਪੰਜਾਬ ਅਤੇ ਅਪਣੇ ਪਰਿਵਾਰਾਂ ਤੋਂ ਹਜ਼ਾਰਾਂ ਕਿਲੋਮੀਟਰ ਦੂਰ ਅਸਾਮ ਦੀ ਡਿਬਰੂਗੜ ਜੇਲ੍ਹ ਵਿਚ ਕੈਦ ਕੀਤਾ ਗਿਆ ਹੈ । ਪਰ ਗੁਰੂ ਦੇ ਸਿੰਘ ਚੜਦੀ ਕਲਾ ਵਿਚ ਰਹਿੰਦਿਆਂ ਸਰਕਾਰ ਦੇ ਹਰ ਤਸ਼ੱਦਦ ਦਾ ਸਾਹਮਣਾ ਕਰ ਰਹੇ ਹਨ ।

**17 ਮਾਰਚ ਦੇ ਇੱਕਠ ਵਿਚ ਸੰਗਤ ਕਰੇ ਭਰਵੀਂ ਸ਼ਮੂਲੀਅਤ**

ਵਾਰਿਸ ਪੰਜਾਬ ਦੇ ਜਥੇਬੰਦੀ ਅਤੇ ਸਮੁੱਚੀਆਂ ਪੰਥਕ ਜਥੇਬੰਦੀਆਂ ਵੱਲੋਂ 17 ਮਾਰਚ ਦਿਨ ਐਤਵਾਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਇਕ ਵੱਡਾ ਇਕੱਠ ਕਰਨ ਦਾ ਫੈਸਲਾ ਲਿਆ ਗਿਆ ਹੈ ਤਾਂ ਕਿ ਪੰਜਾਬ ਅਤੇ ਸੈਂਟਰ ਸਰਕਾਰ ਦੇ ਬੋਲੇ ਕੰਨਾਂ ਤੱਕ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਹਨਾਂ ਦੇ ਸਾਥੀਆਂ ਤੇ ਕੀਤੇ ਜਾ ਰਹੇ ਜ਼ੁਲਮਾਂ ਦੀ ਅਵਾਜ ਪਹੁੰਚਦੀ ਕੀਤੀ ਜਾ ਸਕੇ । ਅਸੀਂ ਕੈਨੇਡਾ ਦੇ ਓਨਟਾਰੀਓ ਅਤੇ ਬ੍ਰਿਟਿਸ਼ ਕੋਲੰਬੀਆ ਸੂਬੇ ਦੀਆਂ ਉਨਟਾਰੀਉ ਗੁਰਦੁਆਰਾ ਕਮੇਟੀ ਅਤੇ ਬ੍ਰਿਟਿਸ਼ ਕੋਲੰਬੀਆ ਗੁਰਦੁਆਰਾ ਕੌਂਸਲ ਵੱਲੋਂ ਸਮੁੱਚੇ ਪੰਜਾਬੀਆਂ ਨੂੰ, ਪੰਥ ਦਰਦੀਆਂ ਨੂੰ, ਸੰਸਥਾਵਾਂ ਨੂੰ ਪੁਰਜੋਰ ਅਪੀਲ ਕਰਦੇ ਹਾਂ ਕੇ ਕੌਮ ਦੇ ਇਹ ਸੇਵਾਦਾਰਾਂ ਨੂੰ ਬਚਾਉਣ ਦੇ ਲਈ 17 ਮਾਰਚ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਵੱਡੀ ਗਿਣਤੀ ਅੰਦਰ ਪਹੁੰਚ ਉਨ੍ਹਾਂ ਨੂੰ ਸਮਰਥਨ ਦਿੱਤਾ ਜਾਏ ।

ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਗਠਤ ਕੀਤੀ ਗਈ ਪੰਜ ਮੈਂਬਰੀ ਕਮੇਟੀ ਨੂੰ ਅਸੀਂ ਬੇਨਤੀ ਕਰਨੀ ਚਾਹੁੰਦੇ ਹਾਂ ਕਿ ਇਸ ਵੇਲੇ

ਸਾਰੇ ਪੰਥ ਦੀਆਂ ਨਜਰਾਂ ਤੁਹਾਡੇ ਉੱਤੇ ਟਿਕੀਆਂ ਹੋਈਆਂ ਹਨ ।17 ਮਾਰਚ ਨੂੰ ਇਹਨਾਂ ਸਿੰਘਾਂ ਪ੍ਰਤੀ ਪੰਥ ਨੂੰ ਕੋਈ ਠੋਸ ਪ੍ਰੋਗਾਮ ਦਿੱਤਾ ਜਾਵੇ ਤਾਂ ਕਿ ਇਹਨਾਂ ਸਿੰਘਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਸ੍ਰੀ ਆਕਾਲ ਤਖਤ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਪੰਜਾਬ ਦੀਆ ਸਿੱਖ ਜਥੇਬੰਦੀਆ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਓਹ ਮੂਹਰੇ ਹੋ ਕਿ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਉਨ੍ਹਾਂ ਦੇ ਸਾਥੀ ਕੈਦੀ ਸਿੰਘਾਂ ਦੀ ਸਹਾਇਤਾ ਕਰਨ ਅਤੇ ਸਿੰਘਾਂ ਨੂੰ ਪੰਜਾਬ ਵਿੱਚ ਤੁਰੰਤ ਲਿਆਏ ਜਾਣ ਅਤੇ ਉਨ੍ਹਾਂ ਦੀ ਰਿਹਾਈ ਵਾਸਤੇ ਸੰਘਰਸ਼ ਕੀਤਾ ਜਾਵੇ । ਸਿੱਖ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸਮੂਹ ਬੰਦੀ ਸਿੰਘਾਂ ਦੀ ਚੜ੍ਹਦੀਕਲਾ ਅਤੇ ਬੰਦਖਲਾਸੀ ਲਈ ਅਰਦਾਸ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲ ਯੂਨੀਵਰਸਿਟੀ ਦੇ ਅਰਥ ਸ਼ਾਸਤਰ ਵਿਭਾਗ ਵੱਲੋਂ '21ਵੀਂ ਸਦੀ ਵਿੱਚ ਮਹਿਲਾ ਉੱਦਮੀ' ਵਿਸ਼ੇ 'ਤੇ ਵੈਬੀਨਾਰ ਦਾ ਆਯੋਜਨ



**ਤਲਵੰਡੀ ਸਾਬੋ, 15 ਮਾਰਚ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਦੇ ਅਰਥ ਸ਼ਾਸਤਰ ਵਿਭਾਗ ਵੱਲੋਂ ਮਹਿਲਾ ਦਿਵਸ ਨੂੰ ਸਮਰਪਿਤ '21ਵੀਂ ਸਦੀ ਵਿੱਚ ਮਹਿਲਾ ਉੱਦਮੀਆਂ' ਵਿਸ਼ੇ 'ਤੇ ਇੱਕ ਗਿਆਨ ਭਰਪੂਰ ਵੈਬੀਨਾਰ ਦਾ ਆਯੋਜਨ ਕੀਤਾ ਗਿਆ। ਸੈਸ਼ਨ ਦੇ ਮੁੱਖ ਬੁਲਾਰੇ ਕਸ਼ਮੀਰ ਦੀ ਕੇਂਦਰੀ ਯੂਨੀਵਰਸਿਟੀ ਦੇ ਐਸੋਸੀਏਟ ਪ੍ਰੋਫੈਸਰ (ਡਾ.) ਜੇ.ਕੇ.ਵਰਮਾ ਸਨ।ਅਕਾਲ ਯੂਨੀਵਰਸਿਟੀ ਦੇ ਅਰਥ ਸ਼ਾਸਤਰ ਵਿਭਾਗ ਦੇ ਮੁਖੀ ਡਾ. ਪਰਵੀਨ ਰਾਣੀ ਨੇ ਸਾਰੇ ਭਾਗੀਦਾਰਾਂ ਦਾ ਨਿੱਘਾ ਸੁਆਗਤ ਕੀਤਾ। ਡਾ. ਵਰਮਾ ਨੇ ਸੰਬੰਧਿਤ ਵਿਸ਼ੇ ਤੇ ਕੇਂਦਰਿਤ ਹੋ ਕੇ ਮੌਕਿਆਂ ਅਤੇ ਚੁਣੌਤੀਆਂ 'ਤੇ ਧਿਆਨ ਦਿੰਦੇ ਹੋਏ ਮਹਿਲਾ ਉੱਦਮੀਆਂ ਲਈ ਲੋੜੀਂਦੇ ਹੁਨਰਾਂ 'ਤੇ ਜ਼ੋਰ ਦਿੱਤਾ। ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਔਰਤਾਂ ਲਈ ਉੱਦਮੀ ਬਣਨ ਲਈ ਪੂੰਜੀ ਕੋਈ ਰੁਕਾਵਟ ਨਹੀਂ ਹੈ ਕਿਉਂਕਿ ਇੱਥੇ ਬਹੁਤ ਸਾਰੀਆਂ ਸਰਕਾਰੀ ਏਜੰਸੀਆਂ ਹਨ ਜੋ ਇਸ ਲਈ ਫੰਡ ਪ੍ਰਦਾਨ ਕਰਦੀਆਂ ਹਨ। ਇਸਦੇ ਨਾਲ ਹੀ ਉਨ੍ਹਾਂ ਨੇ ਲਾਈਵ ਉਦਾਹਰਣਾਂ ਦੇ ਕੇ ਮਹਿਲਾ ਉੱਦਮੀਆਂ ਦੀ ਮੌਜੂਦਾ ਸਥਿਤੀ ਬਾਰੇ ਚਰਚਾ ਕੀਤੀ। ਵਿਦਿਆਰਥੀਆਂ ਨੇ ਸਵਾਲ ਜਵਾਬ ਕਰਕੇ ਆਪਣੇ ਸ਼ੰਕੇ ਦੂਰ ਕੀਤੇ। ਸ੍ਰੀਮਤੀ ਹਰਮੀਤ ਕੌਰ, ਸਹਾਇਕ ਪ੍ਰੋਫੈਸਰ, ਅਰਥ ਸ਼ਾਸਤਰ ਵਿਭਾਗ ਨੇ ਅੰਤ ਵਿਚ ਧੰਨਵਾਦ ਦੀ ਰਸਮ ਅਦਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਟ੍ਰੈਫ਼ਿਕ ਐਜੂਕੇਸ਼ਨ ਸੈੱਲ ਵਲੋਂ ਜੋਮਾਟੋ ਟੀਮ ਅਤੇ ਹੋਰ ਸੰਸਥਾਵਾਂ ਦੇ ਡਰਾਈਵਰਾਂ ਨਾਲ ਟ੍ਰੈਫ਼ਿਕ ਨਿਯਮਾਂ ਨੂੰ ਲੈ ਕੇ ਕੀਤਾ ਚੋਥਾ ਸੈਮੀਨਾਰ



**ਚੌਕ ਮਹਿਤਾ, 15 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਣਯੋਗ ਸ੍ਰੀ ਗੁਰਪ੍ਰੀਤ ਸਿੰਘ ਭੁੱਲਰ ਆਈ ਪੀ ਐਸ ਪੁਲਿਸ ਕਮਿਸ਼ਨਰੇਟ ਜੀ ਦੇ ਦਿਸ਼ਾ ਨਿਰਦੇਸ਼ ਹੇਠ ਏ ਡੀ ਸੀ ਪੀ ਟਰੈਫਿਕ ਸ੍ਰੀ ਹਰਪਾਲ ਸਿੰਘ ਜੀ ਦੀ ਰਹਿਨੁਮਾਈ ਹੇਠ ਟ੍ਰੈਫਿਕ ਐਜੂਕੇਸ਼ਨ ਸੈੱਲ ਦੇ ਇੰਚਾਰਜ ਐੱਸ ਆਈ ਦਲਜੀਤ ਸਿੰਘ ਅਤੇ ਉਹਨਾਂ ਦੀ ਟੀਮ ਵੱਲੋ ਜ਼ੋਮਾਟੋ (ਰੈਸਟੂਰੈਂਟ ਤੋ ਘਰ ਅਤੇ ਹੋਰ ਸੰਸਥਾਵਾਂ ਤੇ ਖਾਣਾ ਡਿਲੀਵਰੀ ਦੇ ਡਰਾਈਵਰਾ ਨਾਲ ਚੌਥਾ ਟ੍ਰੈਫਿਕ ਸੈਮੀਨਾਰ ਰਣਜੀਤ ਐਵਿਨਿਊ ਦੁਸਹਿਰਾ ਗਰਾਊਂਡ ਵਿਚ ਕੀਤਾ ਗਿਆ ਉਹਨਾਂ ਨੂੰ ਰੋਡ ਸਾਇਨ ਸਮਝਾਏ ਗਏ ਅਤੇ ਉਹਨਾਂ ਨੂੰ ਸੜਕ ਤੇ ਚਲਦਿਆ ਟ੍ਰੈਫਿਕ ਨਿਯਮਾ ਦੀ ਪਾਲਣਾ ਕਰਨ ਬਾਰੇ ਹਦਾਇਤ ਕੀਤੀ ਗਈ ਖ਼ਾਸ ਤੌਰ ਤੇ ਹੈਲਮੇਟ ਬਾਰੇ ਵੀ ਦੱਸਿਆ ਗਿਆ ਸੀਟ ਬੈਲਟ ਬਾਰੇ ਦੱਸਿਆ ਗਿਆ, ਰੈੱਡ ਲਾਈਟ ,ਗੱਡੀ ਚਲਾਉਂਦੇ ਸਮੇ ਹਮੇਸ਼ਾ ਸੀਟ ਬੈਲਟ ਪਹਿਨੋ, ਫਸਟ ਏਡ ਕਿੱਟ ਦੀ ਵਰਤੋ ਬਾਰੇ ਦੱਸਿਆ ਗਿਆ ,ਅਤੇ ਹੋਰ ਟ੍ਰੈਫਿਕ ਨਿਯਮਾ ਬਾਰੇ ਦੱਸਿਆ ਗਿਆ ਅੱਜ ਜ਼ੋਮੈਟੋ ਚਾਲਕਾ ਨਾਲ ਟ੍ਰੈਫਿਕ ਦਾ ਚੌਥਾ ਸੈਮੀਨਾਰ ਸੀ ਇਸ ਸੈਮੀਨਾਰ ਵਿਚ ਦੇਖਿਆ ਗਿਆ ਕੇ ਸਾਰੇ ਹੀ ਜ਼ੋਮੈਟੋ ਟੀਮ ਕੋਲ ਆਪਣੇ ਹੈਲਮੇਟ ਸਨ ਅਤੇ ਸਬ ਨੇ ਯੂਨੀਫਾਰਮ ਪਾਈ ਹੋਈ ਸੀ ਉਹਨਾਂ ਵੱਲੋ ਦਸਿਆ ਗਿਆ ਕੇ ਉਹ ਹੁਣ ਹਮੇਸ਼ਾ ਹੀ ਟ੍ਰੈਫਿਕ ਨਿਯਮਾ ਨੂੰ ਫੋਲੋ ਕਰਦੇ ਹਨ ਖ਼ਾਸ ਕਰ ਪਹਿਲਾ ਵੀ ਤਿੰਨ ਸੈਮੀਨਾਰ ਹੋਏ ਹਨ ਓਹਨਾ ਸੈਮੀਨਾਰ ਵਿਚੋ ਇਹਨਾ ਦਾ ਕਹਿਣਾ ਹੈ ਹੈ ਜੋ ਵੀ ਤੁਸੀਂ ਸਾਡੇ ਨਾਲ ਗੱਲਬਾਤ ਕੀਤੀ ਹੈ ਅਸੀ ਜੋ ਯੂਨੀਫਾਰਮ ਅਤੇ ਹੈਲਮੇਟ ਪਾ ਕੇ ਆਏ ਹਨ ਇਹ ਤੁਹਾਡੇ ਪਹਿਲੇ ਸੈਮੀਨਾਰਾ ਦੀ ਦੇਣ ਹੈ ਉਹਨਾਂ ਦਾ ਕਹਿਣਾ ਹੈ ਕੇ ਸਾਨੂੰ ਬਹੁਤ ਵਧੀਆ ਲੱਗਦਾ ਹੈ ਕੇ ਤੁਸੀਂ ਟ੍ਰੈਫਿਕ ਬਾਰੇ ਸਾਨੂੰ ਬਹੁਤ ਵਧੀਆ ਤਰੀਕੇ ਨਾਲ ਸਮਝਾਉਂਦੇ ਹੋ ਅਸੀ ਟ੍ਰੈਫਿਕ ਨਿਯਮ ਫੋਲੋ ਵੀ ਕਰਾਂਗੇ ਅਤੇ ਆਪਣੇ ਪਰਿਵਾਰ ਨੂੰ ਵੀ ਟ੍ਰੈਫਿਕ ਨਿਯਮਾ ਫੋਲੋ ਕਰਨ ਲਈ ਪ੍ਰੇਰਿਤ ਕਰਾਂਗੇ ਸਾਨੂੰ ਉਹਨਾ ਵਲੋ ਬਹੁਤ ਵਧੀਆ ਫੀਡਬੈਕ ਮਿਲਿਆ ਅਗਰ ਇਹ ਲੋਕ ਨਿਯਮਾ ਫੋਲੋ ਕਰਨਗੇ ਤਾ ਇਹਨਾ ਦੇ ਨਾਲ ਨਾਲ ਹੋਰ ਵੀ ਲੋਕ ਨਿਯਮਾ ਨੂੰ ਫੋਲੋ ਕਰਨਗੇ ਜਿਹੜੇ ਜ਼ੋਮੈਟੋ ਚਾਲਕਾ ਨੇ ਟ੍ਰੈਫਿਕ ਨਿਯਮਾ ਨੂੰ ਅਪਣਾਇਆ ਉਹਨਾਂ ਨੂੰ ਟ੍ਰੈਫਿਕ ਪੁਲਿਸ ਅਤੇ ਕੰਪਨੀ ਵੱਲੋ ਜ਼ੋਮੈਟੋ ਬੈਗ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਤਰਾ ਦੀ ਹੌਂਸਲਾ ਅਫਜਾਈ ਨਾਲ ਹੋਰ ਵੀ ਜ਼ੋਮੈਟੋ ਚਾਲਕ ਟ੍ਰੈਫਿਕ ਨਿਯਮ ਅਪਨਾਉਣਗੇ ਇਹਨਾ ਸੈਮੀਨਾਰਾ ਰਾਹੀ ਬਹੁਤ ਵਧੀਆ ਮੈਸਜ ਲੋਕਾ ਤਕ ਜਾ ਰਿਹਾ ਹੈ ਟ੍ਰੈਫਿਕ ਨਿਯਮਾ ਦੀ ਪਾਲਣਾ ਅਤੇ ਟ੍ਰੈਫਿਕ ਨਿਯਮਾ ਨੂੰ ਅਪਨਾਉਣ ਲਈ ਇਹ ਸੈਮੀਨਾਰ ਕੀਤਾ ਗਿਆ ਉਹਨਾਂ ਨੂੰ ਹੈਲਮੇਟ ਬਾਰੇ ਖਾਸ ਤੋਰ ਤੇ ਸਮਝਾਇਆ ਗਿਆ ਹੈਲਮੇਟ ਆਈ.ਐੱਸ.ਆਈ. ਮਾਰਕਾ ਹੋਣਾ ਚਾਹੀਦਾ ਹੈ ਹੈਲਮੇਟ ਦਾ ਸੇਫਟੀ ਲੋਕ ਲਗਾ ਕੇ ਹੈਲਮੇਟ ਪਾਉਣਾ ਚਾਹੀਦਾ ਹੈ ਹੈਲਮੇਟ ਬਾਰੇ ਖਾਸ ਤੌਰ ਤੇ ਤਵੱਜੋ ਦਿਤੀ ਗਈ ਤਾ ਜੋ ਹੋਣ ਵਾਲੇ ਹਾਦਸਿਆ ਤੋ ਬਚਾਅ ਹੋ ਸਕੇ ਇਸ ਮੌਕੇ ਸਿਟੀ ਆਪਰੇਸ਼ਨ ਮੈਨੇਜਰ ਵਰੁਣ ਦਵੇਸਰ, ਰਤਨਦੀਪ ਸਿੰਘ , ਰਵਨੀਤ ਸਿੰਘ ਹਾਜ਼ਰ ਸਨ। ਇਹਨਾ ਸੈਮੀਨਾਰਾ ਰਾਹੀ ਬਹੁਤ ਵਧੀਆ ਮੈਸਜ ਲੋਕਾ ਤਕ ਜਾ ਰਿਹਾ ਹੈ ਟ੍ਰੈਫਿਕ ਨਿਯਮਾ ਦੀ ਪਾਲਣਾ ਅਤੇ ਟ੍ਰੈਫਿਕ ਨਿਯਮਾ ਨੂੰ ਅਪਨਾਉਣ ਲਈ ਇਹ ਸੈਮੀਨਾਰ ਕੀਤਾ ਗਿਆ ਉਹਨਾਂ ਨੂੰ ਹੈਲਮੇਟ ਬਾਰੇ ਖਾਸ ਤੋਰ ਤੇ ਸਮਝਾਇਆ ਗਿਆ ਹੈਲਮੇਟ ਆਈ.ਐੱਸ.ਆਈ. ਮਾਰਕਾ ਹੋਣਾ ਚਾਹੀਦਾ ਹੈ ਹੈਲਮੇਟ ਦਾ ਸੇਫਟੀ ਲੋਕ ਲਗਾ ਕੇ ਹੈਲਮੇਟ ਪਾਉਣਾ ਚਾਹੀਦਾ ਹੈ ਹੈਲਮੇਟ ਬਾਰੇ ਖਾਸ ਤੌਰ ਤੇ ਤਵੱਜੋ ਦਿਤੀ ਗਈ ਤਾ ਜੋ ਹੋਣ ਵਾਲੇ ਹਾਦਸਿਆ ਤੋ ਬਚਾਅ ਹੋ ਸਕੇ ਇਸ ਮੌਕੇ ਸਿਟੀ ਆਪਰੇਸ਼ਨ ਮੈਨੇਜਰ ਵਰੁਣ ਦਵੇਸਰ, ਰਤਨਦੀਪ ਸਿੰਘ , ਰਵਨੀਤ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਆਲ ਇੰਡੀਆ ਇੰਟਰ ਯੂਨੀਵਰਸਿਟੀ ਗੱਤਕਾ ਚੈਂਪੀਅਨਸ਼ਿਪ 2023

# 24 (ਲੜਕੇ ਅਤੇ ਲੜਕੀਆਂ) ਵਿੱਚ ਜੀ.ਕੇ.ਯੂ ਨੇ ਜਿੱਤੇ 11 ਤਗਮੇ



**ਤਲਵੰਡੀ ਸਾਬੋ, 15 ਮਾਰਚ (ਗੁਰਜੰਟ ਸਿੰਘ ਨਥੇਹਾ)**- ਲਕਸ਼ਮੀ ਨਾਰਾਇਣ ਕਾਲਜ਼ ਆਫ਼ ਤੈਕਨਾਲੋਜੀ (ਭੋਪਾਲ, ਮੱਧ ਪ੍ਰਦੇਸ਼) ਵਿਖੇ ਮਿਤੀ 08 ਮਾਰਚ ਤੋਂ 11 ਮਾਰਚ ਨੂੰ ਹੋਈ ਆਲ ਇੰਡੀਆ ਇੰਟਰ ਯੂਨੀਵਰਸਿਟੀ ਗੱਤਕਾ ਚੈਂਪੀਅਨਸ਼ਿਪ 2023-24 (ਲੜਕੇ ਲੜਕੀਆਂ) ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ ਦੇ ਖਿਡਾਰੀਆਂ ਨੇ ਪੰਜਾਬੀ ਵਿਰਾਸਤ ਦਾ ਅਨਿਖੜਵਾਂ ਅੰਗ ਸ਼ਾਨਦਾਰ ਗੱਤਕਾ ਖੇਡ ਕੇ 11 ਤਗਮਿਆਂ ਤੇ ਕਬਜ਼ਾ ਕੀਤਾ ਤੇ ਆਪਣੀ ਪ੍ਰਤਿਭਾ ਦੀ ਧਾਕ ਜਮਾਈ। ਇਸ ਮੌਕੇ ਆਪਣੇ ਵਧਾਈ ਸੰਦੇਸ਼ ਵਿੱਚ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਕਿਹਾ ਕਿ ਗੁਰੂ ਕਾਸ਼ੀ ਯੂਨੀਵਰਸਿਟੀ ਪੜਾਈ ਦੇ ਨਾਲ-ਨਾਲ ਵਿਦਿਆਰਥੀਆਂ ਦੇ ਸਰਵ-ਪੱਖੀ ਵਿਕਾਸ ਲਈ ਮੁੱਢ ਤੋਂ ਹੀ ਯਤਨਸ਼ੀਲ ਹੈ। ਉਨ੍ਹਾਂ ਦਾ ਮਕਸਦ ਘਰ-ਘਰ ਵਿੱਚ ਗਿਆਨ ਦੀ ਜੋਤ ਜਗਾ ਕੇ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੋੜਨਾ ਅਤੇ ਨਿਗਰ ਸਮਾਜ ਦੇ ਨਿਰਮਾਣ ਲਈ ਤਿਆਰ ਕਰਨਾ ਹੈ। ਉਨ੍ਹਾਂ ਖਿਡਾਰੀਆਂ ਦੀ ਇਸ ਪ੍ਰਾਪਤੀ ਤੇ ਉਪ ਕੁਲਪਤੀ, ਡਾਇਰੈਕਟਰ ਖੇਡਾਂ ਅਤੇ ਸਮੂਹ ਖਿਡਾਰੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਅਮੀਰ ਪੰਜਾਬੀ ਵਿਰਸੇ ਦੀ ਸੇਵਾ ਲਈ ਗੱਤਕਾ ਕੋਚ ਗੁਰਪ੍ਰੀਤ ਸਿੰਘ ਅਤੇ ਹਰਜਿੰਦਰ ਸਿੰਘ ਦੀ ਵਿਸ਼ੇਸ਼ ਯੋਗਦਾਨ ਦੀ ਸ਼ਲਾਘਾ ਕੀਤੀ। ਉਪ ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਨੇ ਖਿਡਾਰੀਆਂ ਦੀ ਇਸ ਸ਼ਾਨਾਮੱਤੀ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਚੈਂਪੀਅਨਸ਼ਿਪ ਵਿੱਚ 34 ਯੂਨੀਵਰਸਿਟੀਆਂ ਦੇ ਲਗਭਗ 700 ਖਿਡਾਰੀਆਂ ਨੇ ਹਿੱਸਾ ਲਿਆ। ਇਸ ਮੁਕਾਬਲੇ ਵਿੱਚ ਜੀ.ਕੇ.ਯੂ. ਦੇ ਖਿਡਾਰੀਆਂ ਵੱਲੋਂ ਜਿੱਤੇ ਗਏ ਤਮਗਿਆਂ ਨੇ ਇਲਾਕੇ ਅਤੇ 'ਵਰਸਿਟੀ ਦਾ ਨਾਂ ਰੌਸ਼ਨ ਕੀਤਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਉਜੱਵਲ ਭਵਿੱਖ ਦੀਆਂ ਸ਼ੁਭ ਕਾਮਨਾਵਾਂ ਭੇਂਟ ਕੀਤੀਆਂ। ਡਾਇਰੈਕਟਰ ਖੇਡਾਂ ਡਾ. ਬਲਵਿੰਦਰ ਸ਼ਰਮਾ ਨੇ ਚੈਂਪੀਅਨਸ਼ਿਪ ਦੇ ਨਤੀਜਿਆਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੀ.ਕੇ.ਯੂ ਦੀ ਖਿਡਾਰਣ ਵੀਰਪਾਲ ਨੇ ਵਿਅਕਤੀਗਤ ਮੁਕਾਬਲਿਆਂ ਵਿੱਚ ਸੋਨ ਅਤੇ ਜਸਪ੍ਰੀਤ ਸਿੰਘ ਨੇ ਚਾਂਦੀ ਦਾ ਤਮਗਾ ਹਾਸਿਲ ਕੀਤਾ। ਫਰੀ ਸੋਟੀ ਪ੍ਰਤੀਯੋਗਿਤਾ ਲੜਕਿਆਂ ਦੇ ਟੀਮ ਇਵੈਂਟ ਵਿੱਚ ਪਵਨਪ੍ਰੀਤ ਸਿੰਘ, ਨਵਜੋਤ ਸਿੰਘ, ਗੁਰਪ੍ਰੀਤ ਸਿੰਘ ਨੇ ਚਾਂਦੀ, ਫਰੀ ਸੋਟੀ ਫੁੱਲ ਸਟਰਾਇਕ ਲੜਕਿਆਂ ਵਿੱਚ ਜਸਵਿੰਦਰ ਸਿੰਘ, ਰਵੀ ਸਿੰਘ, ਸਾਗਰ ਨੇ ਕਾਂਸੇ ਅਤੇ ਫਰੀ ਸੋਟੀ ਫੁੱਲ ਸਟਰਾਇਕ ਲੜਕਿਆਂ ਵਿੱਚ ਵੀਰਪਾਲ ਕੌਰ, ਹਰਮਨ ਕੌਰ ਤੇ ਰਮਨਜੀਤ ਕੌਰ ਨੇ ਕਾਂਸੇ ਦਾ ਤਮਗਾ ਜਿੱਤ ਕੇ ਆਪਣੀ ਕਲਾ ਦਾ ਲੋਹਾ ਮਨਵਾਇਆ। ਉਨ੍ਹਾਂ ਦੱਸਿਆ ਕਿ ਲੜਕਿਆਂ ਵੱਲੋਂ ਖੇਡੇ ਗਏ ਸ਼ਾਨਦਾਰ ਗੱਤਕਾ ਮੁਕਾਬਲੇ ਨੇ ਦਰਸ਼ਕਾਂ ਨੂੰ ਵਾਹ-ਵਾਹ ਕਰਨ ਲਈ ਮਜ਼ਬੂਰ ਕੀਤਾ।

### ਬੰਦੀ ਸਿੰਘਾਂ ਦੀ ਰਿਹਾਈ ਅਤੇ ਜੇਲ੍ਹ ਤਬਦੀਲੀ ਦੇ

# 17 ਮਾਰਚ ਦੇ ਪੰਥਕ ਇਕੱਠ ਨੂੰ ਮਿਲੇਗਾ ਸ਼੍ਰੋਮਣੀ ਕਮੇਟੀ ਦਾ ਪੂਰਨ ਸਹਿਯੋਗ



**ਨਵੀਂ ਦਿੱਲੀ, 15 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਡਿਬਰੂਗੜ੍ਹ ਜੇਲ੍ਹ ਵਿੱਚ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ, ਹੋਰ ਸਿੰਘਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਵੱਲੋਂ ਸਰਕਾਰ ਦੇ ਖਿਲਾਫ ਕੀਤੀ ਜਾ ਰਹੀ ਭੁੱਖ ਹੜਤਾਲ ਅਤੇ ਉਨ੍ਹਾਂ ਦੇ ਮਾਮਲੇ ਸੁਲਝਾਉਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਈ ਗਈ ਸਬ-ਕਮੇਟੀ ਦੀ ਅੱਜ ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਇਕੱਤਰਤਾ ਹੋਈ ਜਿਸ ਵਿੱਚ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ, ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਡਾ. ਸੁਖਪ੍ਰੀਤ ਸਿੰਘ ਉੱਦੋਕੇ ਅਤੇ ਸ. ਅਜਮੇਰ ਸਿੰਘ ਸ਼ਾਮਲ ਹੋਏ। ਇਕੱਤਰਤਾ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ ਅਤੇ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਨਜ਼ਰਬੰਦ ਸਿੰਘਾਂ ਸਬੰਧੀ ਮਾਮਲਿਆਂ ਉੱਤੇ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਪਾਸੋਂ ਸਬ ਕਮੇਟੀ ਲਈ ਮੁਲਾਕਾਤ ਦਾ ਸਮਾਂ ਮੰਗਿਆ ਗਿਆ ਸੀ, ਪਰੰਤੂ 9 ਮਾਰਚ ਤੋਂ ਬਾਅਦ ਤਿੰਨ ਵਾਰ ਪੱਤਰ ਭੇਜਣ ਦੇ ਬਾਵਜੂਦ ਵੀ ਸਰਕਾਰ ਨੇ ਕੋਈ ਸਾਰਥਕ ਹੁੰਗਾਰਾ ਨਹੀਂ ਭਰਿਆ। ਉਨ੍ਹਾਂ ਕਿਹਾ ਕਿ ਅੱਜ ਸਬ ਕਮੇਟੀ ਦੀ ਇਕੱਤਰਤਾ ਵਿੱਚ ਮਹਿਸੂਸ ਕੀਤਾ ਗਿਆ ਕਿ ਪੰਜਾਬ ਦੇ ਮੁੱਖ ਮੰਤਰੀ ਦੀ ਸਿੱਖ ਮਾਮਲਿਆਂ ਪ੍ਰਤੀ ਗ਼ੈਰ ਸੰਜੀਦਾ ਪਹੁੰਚ ਬਹੁਤ ਹੀ ਮੰਦਭਾਗੀ ਹੈ, ਜੋ ਕਿ ਸੂਬੇ ਦੇ ਹਿਤਾਂ ਵਿੱਚ ਨਹੀਂ ਹੈ। ਇਕੱਤਰਤਾ ਉਪਰੰਤ ਮੀਡੀਆ ਨੂੰ ਸੰਬੋਧਨ ਕਰਦਿਆਂ ਸ. ਖ਼ਾਲਸਾ ਅਤੇ ਭਾਈ ਮਹਿਤਾ ਨੇ ਕਿਹਾ ਕਿ ਡਿਬਰੂਗੜ੍ਹ ਜੇਲ੍ਹ ਅਸਾਮ, ਅੰਮ੍ਰਿਤਸਰ ਜੇਲ੍ਹ ਪੰਜਾਬ ਅਤੇ ਅੰਮ੍ਰਿਤਸਰ ਦੇ ਵਿਰਾਸਤੀ ਮਾਰਗ ਉੱਤੇ ਨਜ਼ਰਬੰਦ ਸਿੰਘਾਂ ਦੇ ਪਰਿਵਾਰਕ ਮੈਂਬਰਾਂ ਦੀ ਆਏ ਦਿਨ ਵਿਗੜ ਰਹੀ ਸਰੀਰਕ ਹਾਲਤ ਨੂੰ ਮੁੱਖ ਰੱਖਦਿਆਂ ਵਿਰਾਸਤੀ ਮਾਰਗ ਉੱਤੇ 17 ਮਾਰਚ ਐਤਵਾਰ ਨੂੰ ਹੋਣ ਜਾ ਰਹੇ ਪੰਥਕ ਇਕੱਠ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੋਏ ਆਦੇਸ਼ਾਂ ਅਨੁਸਾਰ ਹਰ ਤਰ੍ਹਾਂ ਦਾ ਸਹਿਯੋਗ ਕਰਨ ਦਾ ਫੈਸਲਾ ਵੀ ਕੀਤਾ ਗਿਆ ਹੈ।

> ☛ ਮਾਮਲਾ ਡਿਬਰੂਗੜ੍ਹ ਜੇਲ੍ਹ 'ਚ ਨਜ਼ਰਬੰਦ ਸਿੱਖ ਨੌਜਵਾਨਾਂ ਤੇ ਉਨ੍ਹਾਂ ਦੇ ਪਰਿਵਾਰਾਂ ਵੱਲੋਂ ਭੁੱਖ ਹੜਤਾਲ ਦਾ ☛ ਮਾਮਲੇ ਦੀ ਹੁਣ ਤੱਕ ਦੀ ਰਿਪੋਰਟ ਭੇਜੀ ਜਾਵੇਗੀ ਸ੍ਰੀ ਅਕਾਲ ਤਖ਼ਤ ਸਾਹਿਬ - ਭਾਈ ਖ਼ਾਲਸਾ, ਭਾਈ ਮਹਿਤਾ

ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਹੋਏ ਆਦੇਸ਼ ਅਨੁਸਾਰ ਸਬ ਕਮੇਟੀ ਵੱਲੋਂ ਸ. ਭਗਵੰਤ ਸਿੰਘ ਸਿਆਲਕਾ ਨੂੰ ਸ਼ਾਮਲ ਹੋਣ ਅਤੇ ਸ. ਸੁਖਪ੍ਰੀਤ ਸਿੰਘ ਉੱਦੋਕੇ ਨੂੰ ਸਟੇਜ ਦੀ ਸੇਵਾ ਨਿਭਾਉਣ ਲਈ ਕਿਹਾ ਗਿਆ ਹੈ। ਇਸ ਤੋਂ ਇਲਾਵਾ ਸਾਰੇ ਪ੍ਰੋਗਰਾਮ ਨੂੰ ਪੂਰੇ ਜਾਬਤੇ ਵਿੱਚ ਰੱਖ ਕੇ ਸਮਾਂਬੱਧ ਤਰੀਕੇ ਨਾਲ ਚਲਾਉਣ ਲਈ ਕਿਹਾ ਗਿਆ ਹੈ। ਉਨ੍ਹਾਂ ਆਖਿਆ ਕਿ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਪੰਥਕ ਮਾਮਲਿਆਂ ਉੱਤੇ ਸਹਿਯੋਗੀ ਰਹਿੰਦੀ ਹੈ ਅਤੇ ਅਗਾਂਹ ਵੀ ਸਹਿਯੋਗ ਕਰਦੀ ਰਹੇਗੀ। ਇਸ ਤੋਂ ਇਲਾਵਾ ਨਜ਼ਰਬੰਦ ਸਿੰਘਾਂ ਦੇ ਪਰਿਵਾਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਪਹਿਲਾਂ ਦੀ ਤਰ੍ਹਾਂ ਇਖਲਾਕੀ ਤੇ ਮਾਲੀ ਸਹਿਯੋਗ ਵੀ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਸਰਕਾਰਾਂ ਦੇ ਸਿੱਖ ਵਿਰੋਧੀ ਰਵੱਈਏ ਨੂੰ ਧਿਆਨ ਵਿੱਚ ਰੱਖਦਿਆਂ ਕੌਮ ਨੂੰ ਜਥੇਬੰਦਕ ਧੜੇਬੰਦੀਆਂ ਤੋਂ ਉੱਪਰ ਉੱਠ ਕੇ ਆਪਸੀ ਇੱਕਜੁੱਟਤਾ, ਗੰਭੀਰਤਾ, ਦੂਰਦ੍ਰਿਸ਼ਟੀ ਦਾ ਪ੍ਰਗਟਾਵਾ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਬ ਕਮੇਟੀ ਦੀਆਂ ਹੁਣ ਤੱਕ ਹੋਈਆਂ ਇਕੱਤਰਤਾਵਾਂ ਅਤੇ ਮਾਮਲੇ ਦੀ ਮੌਜੂਦਾ ਸਥਿਤੀ ਬਾਰੇ ਰਿਪੋਰਟ ਸ੍ਰੀ ਅਕਾਲ ਤਖ਼ਤ ਸਾਹਿਬ ਭੇਜ ਦਿੱਤੀ ਜਾਵੇਗੀ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਇੰਚਾਰਜ ਸ. ਅਜ਼ਾਦਦੀਪ ਸਿੰਘ ਵੀ ਹਾਜ਼ਰ ਸਨ।

# ਲਖੀਮਪੁਰ ਕਿਸਾਨਾਂ ਦੇ ਮਾਮਲੇ ਨਾਲ ਸੰਬੰਧਿਤ ਕੇਸ ਦੀ ਅਦਾਲਤ ਅੰਦਰ ਹੋਈ ਸੁਣਵਾਈ

### ਭਾਜਪਾਈ ਵਰਕਰਾਂ ਵਲੋਂ ਕਿਸਾਨਾਂ ਤੇ ਪਾਇਆ ਗਿਆ ਹੈ ਕਰਾਸ ਕੇਸ



**ਨਵੀਂ ਦਿੱਲੀ, 15 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:-ਲਖੀਮਪੁਰ ਵਿਖੇ ਗ੍ਰਿਹ ਰਾਜ ਮੰਤਰੀ ਅਜੈ ਮਿਸ਼ਰਾ ਵਿਰੁੱਧ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਦੇ ਕੇਸ ਨਾਲ ਸਬੰਧਤ ਐਫਆਈਆਰ ਨੰਬਰ 220/2021 ਅੱਧੀਨ ਰਾਜ ਬਨਾਮ ਗੁਰਵਿੰਦਰ ਸਿੰਘ ਅਤੇ ਹੋਰ ਨੂੰ ਇਸਤਗਾਸਾ ਗਵਾਹੀ ਲਈ ਸੂਚੀਬੱਧ ਕੀਤਾ ਗਿਆ ਸੀ ਅਤੇ ਅੱਜ ਗਵਾਹ ਅਜੇ ਗਰਗ ਦੀ ਮੁੱਖ ਗਵਾਹੀ ਕੀਤੀ ਗਈ । ਬਚਾਅ ਪੱਖ ਵਲੋਂ ਦਿੱਲੀ ਗੁਰਦਵਾਰਾ ਕਮੇਟੀ ਦੇ ਲੀਗਲ ਵਿੰਗ ਦੇ ਪੈਨਲ ਵਕੀਲ ਤੇਜਪ੍ਰਤਾਪ ਸਿੰਘ ਅਦਾਲਤ ਅੰਦਰ ਪੇਸ਼ ਹੋਏ ਸਨ । ਦਿੱਲੀ ਗੁਰਦਵਾਰਾ ਕਮੇਟੀ ਆਪਣੇ ਹਕਾਂ ਲਈ ਮੁਜਾਹਿਰਾ ਕਰ ਰਹੇ ਬੇਕਸੂਰ ਕਿਸਾਨਾਂ ਦੀ ਬਾਹ ਫੜ ਕੇ ਆਪਣਾ ਫਰਜ਼ ਅਦਾ ਕਰ ਰਹੀ ਹੈ । ਜਿਕਰਯੋਗ ਹੈ ਕਿ ਵਕੀਲ ਤੇਜਪ੍ਰਤਾਪ ਸਿੰਘ ਭਾਜਪਾ ਵਰਕਰਾਂ ਦੁਆਰਾ ਕੀਤੀ ਗਈ ਇਸ ਐਫਆਈਆਰ ਵਿੱਚ ਦੋਸ਼ੀ ਬਣਾਏ ਗਏ ਸਾਰੇ ਕਿਸਾਨਾਂ ਦੀ ਜ਼ਮਾਨਤ ਲਈ ਸੁਪਰੀਮ ਕੋਰਟ ਅਤੇ ਲਖਨਊ ਹਾਈ ਕੋਰਟ ਵਿੱਚ ਵੀ ਪੇਸ਼ ਹੋਕੇ ਮਾਮਲੇ ਦੀ ਸੰਦੀਗਜ਼ੀ ਨਾਲ ਪੈਰਵੀ ਕਰ ਰਹੇ ਹਨ । ਮਾਮਲੇ ਦੀ ਜਾਣਕਾਰੀ ਦੇਂਦਿਆਂ ਉਨ੍ਹਾਂ ਦਸਿਆ ਕਿ ਇਹ ਘਟਨਾ 3 ਅਕਤੂਬਰ 2021 ਨੂੰ ਵਾਪਰੀ ਜਦੋਂ ਕਿਸਾਨ ਬਨਵੀਰਪੁਰ, ਜ਼ਿਲ੍ਹਾ ਲਖੀਮਪੁਰ ਖੇੜੀ ਵਿੱਚ ਯੂਪੀ ਦੇ ਉਪ ਮੁੱਖ ਮੰਤਰੀ ਦੀ ਆਮਦ ਵਿਰੁੱਧ ਸ਼ਾਂਤੀਪੂਰਵਕ ਪ੍ਰਦਰਸ਼ਨ ਕਰ ਰਹੇ ਸਨ ਓਸ ਸਮੇਂ ਲਖੀਮਪੁਰ ਖੇੜੀ ਜ਼ਿਲ੍ਹੇ ਤੋਂ ਸੰਸਦ ਮੈਂਬਰ ਅਜੈ ਮਿਸ਼ਰਾ ਟੈਨੀ ਦੇ ਪੁੱਤਰ ਅਸ਼ੀਸ਼ ਮਿਸ਼ਰਾ ਉਰਫ ਮੋਨੂੰ ਨੇ ਰੋਡ 'ਤੇ ਸ਼ਾਂਤਮਈ ਧਰਨਾ ਦੇ ਰਹੇ ਕਿਸਾਨਾਂ ਉਪਰ ਗੱਡੀ ਚੜਾ ਦਿੱਤੀ ਸੀ ਜਿਸ ਅੰਦਰ ਚਾਰ ਕਿਸਾਨਾਂ ਦੀ ਮੌਤ ਹੋ ਗਈ ਸੀ ਉਪਰੰਤ ਕਿਸਾਨਾਂ ਦੀ ਕੁੱਟਮਾਰ ਕਰਨ ਵਾਲੇ ਅਫੇਅਰ ਨੂੰ ਉਸ ਦੇ ਹੋਰ ਜਾਣੇ-ਪਛਾਣੇ ਸਾਥੀਆਂ ਸਮੇਤ ਗ੍ਰਿਫਤਾਰ ਕੀਤਾ ਗਿਆ ਸੀ।

ਜਿਕਰਯੋਗ ਹੈ ਕਿ ਉਸੇ ਸਮੇਂ ਇੱਕ ਕਰਾਸ ਐਫਆਈਆਰ ਵੀ ਦਰਜ ਕੀਤੀ ਗਈ ਸੀ ਜਿਸ ਵਿੱਚ ਉਪਰੋਕਤ ਕਿਸਾਨਾਂ ਨੂੰ ਦੋਸ਼ੀ ਬਣਾਇਆ ਗਿਆ ਸੀ। ਉਨ੍ਹਾਂ ਨੂੰ ਬਚਾਅ ਪੱਖ ਦੇ ਵਕੀਲ ਦੀਆਂ ਕੋਸ਼ਿਸ਼ਾਂ 'ਤੇ 25 ਜਨਵਰੀ 2023 ਦੇ ਆਦੇਸ਼ ਦੁਆਰਾ ਭਾਰਤ ਦੀ ਸੁਪਰੀਮ ਕੋਰਟ ਦੁਆਰਾ ਅੰਤਰਿਮ ਜ਼ਮਾਨਤ ਦਿੱਤੀ ਗਈ ਹੈ। ਚਲ ਰਹੇ ਮਾਮਲੇ ਦੀ ਅਗਲੀ ਸੁਣਵਾਈ 1 ਅਪ੍ਰੈਲ ਨੂੰ ਹੋਵੇਗੀ ।

### ਬਿਜ਼ਨਸ ਸਟੱਡੀਜ਼ ਵਿਭਾਗ ਵੱਲੋਂ "ਡਿਜੀਟਲ ਮਾਰਕੀਟਿੰਗ" ਤੇ ਵਰਕਸ਼ਾਪ ਦਾ ਆਯੋਜਨ




**ਤਲਵੰਡੀ ਸਾਬੋ, 15 ਮਾਰਚ (ਗੁਰਜੰਟ ਸਿੰਘ ਨਥੇਹਾ)**-ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦੇ ਬਿਜ਼ਨਸ ਸਟੱਡੀਜ਼ ਵਿਭਾਗ ਵੱਲੋਂ ਭਾਰਤ ਸਰਕਾਰ ਦੇ ਐਮ ਐਸ ਐਮ ਐਂਟਰਪ੍ਰਾਈਜ਼ ਮੰਤਰਾਲੇ ਦੇ ਸਹਿਯੋਗ ਨਾਲ ਇੱਕ ਹਫ਼ਤੇ ਦੀ "ਡਿਜੀਟਲ ਮਾਰਕੀਟਿੰਗ" ਵਿਸ਼ੇ 'ਤੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ




ਜਿਸ ਵਿੱਚ ਵਿਭਾਗ ਦੇ ਲਗਭਗ 35 ਵਿਦਿਆਰਥੀਆਂ ਨੇ ਭਾਗ ਲਿਆ। ਡਾ. ਸ਼ਸ਼ੀ ਕਲਾ ਅਤੇ ਡਾ. ਜਗਦੀਪ ਸਿੰਘ ਵਰਕਸ਼ਾਪ ਦੇ ਕੋਆਰਡੀਨੇਟਰ ਸਨ। ਵਰਕਸ਼ਾਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉਦਯੋਗ ਦੀਆਂ ਮੌਜੂਦਾ ਲੋੜਾਂ ਅਨੁਸਾਰ ਮਾਰਕੀਟਿੰਗ ਅਤੇ ਵਿਗਿਆਪਨ ਮਾਹਿਰ ਪੇਸ਼ੇਵਰ ਦੇ ਤੌਰ ਤੇ ਤਿਆਰ ਕਰਨਾ ਸੀ। ਮੰਤਰਾਲੇ ਦੇ ਸਹਾਇਕ ਡਾਇਰੈਕਟਰ ਸ਼੍ਰੀ ਕ੍ਰਿਸ਼ਨ ਕੁਮਾਰ ਅਤੇ ਸ਼੍ਰੀਮਤੀ ਅਨੂਪਮ ਖੇਮ ਉਦਘਾਟਨੀ ਸੈਸ਼ਨਾਂ ਵਿੱਚ ਮੌਜੂਦ ਸਨ ਅਤੇ ਉਨ੍ਹਾਂ ਨੇ ਛੋਟੇ ਅਤੇ ਮੱਧਮ ਉਦਯੋਗਾਂ ਲਈ ਡਿਜੀਟਲ ਮਾਰਕੀਟਿੰਗ ਦੀ ਮਹੱਤਤਾ ਅਤੇ ਆਰਥਿਕ ਵਿਕਾਸ ਅਤੇ ਮੁਕਾਬਲੇਬਾਜ਼ੀ ਨੂੰ ਵਧਾਉਣ ਵਿੱਚ ਇਸ ਦੀ ਭੂਮਿਕਾ ਬਾਰੇ ਚਾਨਣਾ ਪਾਇਆ। ਵਰਕਸ਼ਾਪ ਦੇ ਉਦਘਾਟਨੀ ਸੈਸ਼ਨ ਦੌਰਾਨ ਵਿਭਾਗ ਦੇ ਡਾ. ਨਰਿੰਦਰ ਕੌਰ ਨੇ ਸਵਾਗਤੀ ਸ਼ਬਦ ਕਹੇ। ਵਿਭਾਗ ਮੁਖੀ ਪ੍ਰੋ. ਆਨੰਦ ਬਾਂਸਲ ਨੇ ਸਾਰੇ ਸਹਿਯੋਗ ਲਈ ਮੰਤਰਾਲੇ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਡਿਜੀਟਲ ਮਾਰਕੀਟਿੰਗ ਹੁਨਰ ਨਾਲ ਲੈਸ ਕਰਨ ਦੀ ਮਹੱਤਤਾ ਨੂੰ ਰੇਖਾਂਕਿਤ ਕੀਤਾ। ਇਸ ਵਰਕਸ਼ਾਪ ਵਿੱਚ, ਡਾ. ਗੁਰਵਿੰਦਰ ਬਖ਼ਸ਼ੀ, ਸ੍ਰੀ ਸਕਸ਼ਮ ਮਦਾਨ, ਅਤੇ ਸ੍ਰੀ ਪ੍ਰਿੰਸ ਵੋਹਰਾ ਰਿਸੋਰਸ ਪਰਸਨ ਸਨ ਅਤੇ ਉਨ੍ਹਾਂ ਸਾਰਿਆਂ ਨੇ ਵਰਕਸ਼ਾਪ ਦੇ ਵੱਖ-ਵੱਖ ਸੈਸ਼ਨਾਂ ਵਿੱਚ ਵਿਦਿਆਰਥੀਆਂ ਨੂੰ ਡਿਜੀਟਲ ਪਹਿਲੂਆਂ ਜਿਵੇਂ ਕੰਟੈਂਟ ਮਾਰਕੀਟਿੰਗ, ਈਮੇਲ ਸੋਸ਼ਲ ਮੀਡੀਆ ਮਾਰਕੀਟਿੰਗ ਆਦਿ ਬਾਰੇ ਚਾਨਣਾ ਪਾਇਆ। ਇਸ ਵਰਕਸ਼ਾਪ ਦੇ ਸਮਾਪਤੀ ਸੈਸ਼ਨ ਦੇ ਮੁੱਖ ਮਹਿਮਾਨ ਕੈਂਪਸ ਡਾਇਰੈਕਟਰ ਪ੍ਰੋ. ਕੰਵਲਜੀਤ ਸਿੰਘ ਸਨ। ਉਨ੍ਹਾਂ ਨੇ ਡਿਜੀਟਲ ਹੁਨਰ ਦੀ ਘਾਟ ਨੂੰ ਪੂਰਾ ਕਰਨ ਅਤੇ ਆਧੁਨਿਕ ਕਾਰੋਬਾਰ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਵਿਦਿਆਰਥੀਆਂ ਨੂੰ ਤਿਆਰ ਕਰਨ ਵਿੱਚ ਸਿੱਖਿਆ ਸੰਸਥਾਵਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਵਰਕਸ਼ਾਪ ਦੇ ਸਮਾਪਤੀ ਸੈਸ਼ਨ ਦੌਰਾਨ ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਵੀ ਵੰਡੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਾਬਕਾ ਰਾਜਦੂਤ ਸ. ਤਰਨਜੀਤ ਸਿੰਘ ਸੰਧੂ ਨੇ

# ਕੇਂਦਰੀ ਸਿੱਖਿਆ ਅਤੇ ਹੁਨਰ ਵਿਕਾਸ ਮੰਤਰੀ ਧਰਮਿੰਦਰ ਪ੍ਰਧਾਨ ਨਾਲ ਕੀਤੀ ਮੁਲਾਕਾਤ

**ਨਵੀਂ ਦਿਲੀ, 15 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੇ ਸਾਬਕਾ ਰਾਜਦੂਤ ਸ. ਤਰਨਜੀਤ ਸਿੰਘ ਸੰਧੂ ਸਰਕਾਰੀ ਗਲਿਆਰਿਆਂ 'ਚ ਗੁਰੂ ਨਗਰੀ ਅੰਮ੍ਰਿਤਸਰ ਦੀ ਅਵਾਜ਼ ਬੁਲੰਦ ਕਰ ਰਹੇ ਹਨ। ਉਨ੍ਹਾਂ ਅੱਜ ਨਵੀਂ ਦਿਲੀ ਵਿਖੇ ਭਾਰਤ ਸਰਕਾਰ ਦੇ ਸਿੱਖਿਆ ਅਤੇ ਹੁਨਰ ਵਿਕਾਸ ਅਤੇ ਉਦਮਤਾ ਮੰਤਰੀ ਧਰਮਿੰਦਰ ਪ੍ਰਧਾਨ ਜੋ ਉਨ੍ਹਾਂ ਦੇ ਚੰਗੇ ਮਿੱਤਰ ਵੀ ਹਨ, ਨਾਲ ਮੁਲਾਕਾਤ ਕੀਤੀ। ਉਨ੍ਹਾਂ ਅੰਮ੍ਰਿਤਸਰ ਦੇ ਨੌਜਵਾਨਾਂ ਨੂੰ ਗਲੋਬਲ ਚੁਨੌਤੀਆਂ ਨਾਲ ਨਜਿੱਠਣ 'ਚ ਸਮਰੱਥ ਅਤੇ ਅੱਗੇ ਵਧਣ ਲਈ ਬਿਹਤਰੀਨ ਸਿੱਖਿਆ ਅਤੇ ਹੁਨਰ ਵਿਕਾਸ ਦੀਆਂ ਸੰਭਾਵਨਾਵਾਂ ਬਾਰੇ ਚਰਚਾ ਕੀਤੀ। ਰਾਜਦੂਤ ਸੰਧੂ ਨੇ ਨੌਜਵਾਨੀ ਨੂੰ ਦਰਪੇਸ਼ ਚੁਨੌਤੀਆਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਾਡੇ ਨੌਜਵਾਨ ਇੱਕ ਬਿਹਤਰ ਸਮਾਜ-ਸੰਸਾਰ ਦਾ ਨਿਰਮਾਣ ਕਰਨਾ ਚਾਹੁੰਦੇ ਹਨ। ਕੰਮ ਕਰਦੇ ਹੋਏ, ਇੱਕ ਸੁਰੱਖਿਅਤ, ਸਿਹਤਮੰਦ, ਵਧੇਰੇ ਖ਼ੁਸ਼ਹਾਲ ਭਵਿੱਖ ਬਣਾਉਣਾ ਚਾਹੁੰਦੇ ਹਨ, ਜਿਸ ਲਈ ਉਨ੍ਹਾਂ ਨੂੰ ਮੌਕੇ ਅਤੇ ਸਹੀ ਮਾਰਗ ਦਰਸ਼ਨ ਦੀ ਲੋੜ ਹੈ। ਸਰਦਾਰ ਸੰਧੂ ਨੇ ਅੰਮ੍ਰਿਤਸਰ ਲਈ ਆਈ. ਆਈ. ਟੀ ਦੀ ਮੰਗ ਕਰਦਿਆਂ ਕਿਹਾ ਕਿ ਮਿਆਰੀ ਤੇ ਤਕਨੀਕੀ ਸਿੱਖਿਆ ਅਤੇ ਹੁਨਰ ਵਿਕਾਸ ਉਨ੍ਹਾਂ ਲਈ ਪ੍ਰਮੁੱਖ ਤਰਜੀਹ ਹਨ। ਉਨ੍ਹਾਂ ਕੇਂਦਰੀ ਸਿੱਖਿਆ ਅਤੇ ਹੁਨਰ ਵਿਕਾਸ ਮੰਤਰੀ ਨੂੰ ਵੀ ਇਸ ਮਕਸਦ ਦੀ ਪੂਰਤੀ 'ਚ ਹਿੱਸਾ ਪਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਮਿਆਰੀ ਸਿੱਖਿਆ ਦਿੱਤੀ ਜਾਵੇ ਤਾਂ ਉਨ੍ਹਾਂ ਲਈ ਆਪਣੇ ਦੇਸ਼ ਵਿਚ ਵੀ ਅੱਗੇ ਵਧਣ ਦੇ ਕਈ ਮੌਕੇ ਹਨ, ਜੇ ਉਹ ਵਿਦੇਸ਼ਾਂ ਨੂੰ ਜਾਣਾ ਚਾਹੁੰਦੇ ਹਨ ਤਾਂ ਵੀ ਉਨ੍ਹਾਂ ਕੋਲ ਲੋੜੀਂਦਾ ਚੰਗਾ ਹੁਨਰ ਹੋਣਾ ਚਾਹੀਦਾ ਹੈ ਤਾਂ ਜੋ ਉਨ੍ਹਾਂ ਨੂੰ ਵਿਦੇਸ਼ਾਂ ਵਿਚ ਰੁਜ਼ਗਾਰ ਲਈ ਖੱਜਲ ਖ਼ੁਆਰੀ ਨਾ ਸਹਿਣੀ ਪਵੇ ਅਤੇ ਨਾ ਹੀ ਮਾਪਿਆਂ ਦੇ ਸ਼ਰਮਾਏ ਦੀ ਕਿਸੇ ਵੀ ਏਜੰਟ ਹੱਥੋਂ ਲੁੱਟ ਹੋ ਸਕੇ। ਉਨ੍ਹਾਂ ਕਿਹਾ ਕਿ ਇਸ ਏਜੰਡੇ ਦੀ ਪੂਰਤੀ ਅਤੇ ਸਮਾਜ ਦੇ ਸਾਰੇ ਵਰਗਾਂ ਤੱਕ ਤੱਕ ਮਿਆਰੀ ਸਿੱਖਿਆ ਤੇ ਹੁਨਰ ਵਿਕਾਸ ਪਹੁੰਚਾਉਣ ਲਈ ਵਿਸ਼ੇ ਮਾਹਿਰਾਂ ਨੂੰ ਅੰਮ੍ਰਿਤਸਰ ਨਾਲ ਜੋੜਾਂਗੇ ਅਤੇ ਟਾਪ ਦੀਆਂ 20 ਅਮਰੀਕੀ ਕੰਪਨੀਆਂ -ਸਿੱਖਿਆ ਸੰਸਥਾਵਾਂ ਨੂੰ ਵੀ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਅਮਰੀਕਾ ਵਿੱਚ ਉੱਚ-ਸ਼੍ਰੇਣੀ ਦੇ ਵਿੱਦਿਅਕ ਅਦਾਰੇ ਅਤੇ ਉੱਨਤ ਤਕਨਾਲੋਜੀਆਂ ਹਨ ਤਾਂ ਭਾਰਤ ਵਿੱਚ ਵਿਸ਼ਵ ਦੀ ਸਭ ਤੋਂ ਵੱਡੀ ਯੁਵਾ ਸ਼ਕਤੀ ਹੈ। ਭਾਰਤ-ਅਮਰੀਕਾ ਸਾਂਝੇਦਾਰੀ ਟਿਕਾਊ ਅਤੇ ਪਰਸਪਰ ਵਿਕਾਸ ਦੀਆਂ ਸੰਭਾਵਨਾਵਾਂ ਮੌਜੂਦ ਹਨ। ਉਨ੍ਹਾਂ ਕੇਂਦਰੀ ਮੰਤਰੀ ਨੂੰ ਦੱਸਿਆ ਕਿ ਅਮਰੀਕੀ ਪੰਜਾਬੀ ਡਾਇਸਪੋਰਾ ਵੱਲੋਂ ਹੁਨਰ ਤੇ ਸਿੱਖਿਆ ਲਈ ਅੰਮ੍ਰਿਤਸਰ ਨੂੰ ਇਕ ਹਫ਼ਤੇ ਦੌਰਾਨ 250 ਸਕਾਲਰਸ਼ਿਪ ਪ੍ਰਦਾਨ ਕੀਤੇ ਜਾਣ ਦਾ ਐਲਾਨ ਕੀਤੇ ਜਾ ਚੁੱਕੇ ਹਨ। ਜੋ ਭਵਿਖ ਵਿਚ ਇਸ 'ਚ ਭਾਰੀ ਵਾਧਾ ਹੋ ਜਾਵੇਗਾ। ਅਮਰੀਕਾ ਵਿੱਚ ਭਾਰਤ ਦੇ ਰਾਜਦੂਤ ਰਹੇ ਸੰਧੂ ਨੇ ਰਣਨੀਤਕ ਮਹੱਤਵ ਦੇ ਖੇਤਰਾਂ ਵਿੱਚ ਖੋਜ, ਡਿਜੀਟਲ ਸਿਖਲਾਈ ਅਤੇ ਵਿਦਿਆਰਥੀ ਆਦਾਨ-ਪ੍ਰਦਾਨ ਸਮੇਤ ਵਿੱਦਿਅਕ ਭਾਈਵਾਲੀ ਰਾਹੀਂ ਭਾਰਤ ਤੇ ਅਮਰੀਕਾ ਵਿਚਕਾਰ ਦੁਵੱਲੇ ਸਹਿਯੋਗ ਨੂੰ ਮਜ਼ਬੂਤ ਕੀਤੇ ਜਾਣ ਨੂੰ ਯਾਦ ਕੀਤਾ। ਰਾਜਦੂਤ ਵਜੋਂ ਆਪਣੇ ਕਾਰਜਕਾਲ ਦੌਰਾਨ, ਸੰਯੁਕਤ ਰਾਜ ਅਮਰੀਕਾ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਦੇ 180 ਤੋਂ ਵੱਧ ਨੇਤਾਵਾਂ ਮਾਹਿਰਾਂ ਨਾਲ ਗੋਸ਼ਟੀ ਕਰ ਚੁੱਕੇ ਰਾਜਦੂਤ ਸੰਧੂ ਨੇ ਕਿਹਾ ਕਿ ਹੁਨਰ ਵਿਕਾਸ ਦੇ ਖੇਤਰ 'ਚ ਉੱਘੇ ਉਦਯੋਗ ਅਤੇ ਸੰਸਥਾਵਾਂ ਦੇ ਨੇਤਾਵਾਂ ਜਿਨ੍ਹਾਂ 'ਚ ਮਾਈਕ੍ਰੋਸਾਫਟ, ਗੂਗਲ, ਆਈਬੀਐਮ, ਸਟਾਰਬਕਸ, ਐਲਏਐਮ ਖੋਜ, ਸਿਮਫਨੀ ਟੈਕ, ਕਾਗਨੀਜ਼ੈਂਟ, ਮੈਰੀਅਟ, ਨਾਸਕਾਮ, ਇੰਟੇਲ, ਪੈਨ ਆਈ ਆਈ ਟੀ, ਨੋਰਡਸਟ੍ਰੋਮ, ਐਚ.ਸੀ.ਐਲ., ਅਤੇ ਹੋਰ ਬਹੁਤ ਸਾਰੇ ਅਦਾਰੇ ਉਨ੍ਹਾਂ ਦੇ ਸੰਪਰਕ 'ਚ ਹਨ।



☛ ਅੰਮ੍ਰਿਤਸਰ ਦੇ ਨੌਜਵਾਨਾਂ ਦੀ ਮਿਆਰੀ ਤੇ ਤਕਨੀਕੀ ਸਿੱਖਿਆ ਅਤੇ ਹੁਨਰ ਵਿਕਾਸ ਮੇਰੇ ਲਈ ਪ੍ਰਮੁੱਖ ਤਰਜੀਹ: ਤਰਨਜੀਤ ਸਿੰਘ ਸੰਧੂ
☛ ਅਮਰੀਕਾ 'ਚ ਉੱਚ-ਸ਼੍ਰੇਣੀ ਦੇ ਵਿੱਦਿਅਕ ਅਦਾਰੇ ਅਤੇ ਉੱਨਤ ਤਕਨਾਲੋਜੀ ਹੈ ਤਾਂ ਭਾਰਤ ਵਿੱਚ ਵਿਸ਼ਵ ਦੀ ਸਭ ਤੋਂ ਵੱਡੀ ਯੁਵਾ ਸ਼ਕਤੀ ਹੈ

ਉਸ ਵਕਤ ਭਾਰਤੀ ਦੂਤਾਵਾਸ ਵੱਲੋਂ 'ਐਡਵਾਂਸਿੰਗ ਇੰਡੀਆ-ਯੂਐਸ ਐਜੂਕੇਸ਼ਨ ਪਾਰਟਨਰਸ਼ਿਪ' ਸਮਾਗਮ 'ਚ ਭਾਰਤ ਅਤੇ ਅਮਰੀਕਾ ਦੀਆਂ ਯੂਨੀਵਰਸਿਟੀਆਂ ਦੇ ਪ੍ਰਿੰਸੀਪਲ ਅਤੇ ਚਾਂਸਲਰ ਸ਼ਾਮਲ ਹੋਏ ਸਨ। ਭਾਰਤ-ਅਮਰੀਕਾ ਵਰਕਿੰਗ ਗਰੁੱਪ ਵੱਲੋਂ 2022 ਵਿੱਚ ਸ਼ੁਰੂ ਕੀਤਾ ਗਿਆ ਸਿੱਖਿਆ ਅਤੇ ਹੁਨਰ ਵਿਕਾਸ 'ਤੇ ਹੁਨਰ ਅਤੇ ਕਿੱਤਾਮੁਖੀ ਸਿੱਖਿਆ, ਪ੍ਰਮਾਣਿਕ ਅਤੇ ਮਾਨਤਾ, ਅਤੇ ਵਿੱਦਿਅਕ ਸੰਸਥਾਵਾਂ ਵਿਚਕਾਰ ਮੈਚਮੇਕਿੰਗ ਨੂੰ ਵਧਾਏਗਾ। ਅਮਰੀਕੀ ਯੂਨੀਵਰਸਿਟੀਆਂ ਦੀ ਐਸੋਸੀਏਸ਼ਨ ਅਤੇ ਸਮੂਹ ਆਈ. ਆਈ. ਟੀ ਸਮੇਤ ਪ੍ਰਮੁੱਖ ਭਾਰਤੀ ਵਿੱਦਿਅਕ ਸੰਸਥਾਵਾਂ ਦੀ ਇੱਕ ਨਵੀਂ ਜੁਆਇੰਟ ਟਾਸਕ ਫੋਰਸ ਦੀ 2023 ਵਿੱਚ ਸਥਾਪਨਾ ਕੀਤੀ ਗਈ, ਜਿਸ ਦਾ ਮਕਸਦ ਖੋਜ ਅਤੇ ਯੂਨੀਵਰਸਿਟੀਆਂ 'ਚ ਭਾਈਵਾਲੀ ਦਾ ਵਿਸਤਾਰ ਕਰਨਾ ਸੀ। 2023 ਵਿੱਚ ਇੰਡੋ-ਯੂ.ਐਸ. ਗਲੋਬਲ ਚੈਲੰਜ ਇੰਸਟੀਚਿਊਟ ਦੀ ਸਥਾਪਨਾ ਕੀਤੀ ਗਈ, ਜਿਸ ਨੇ ਸੈਮੀਕੰਡਕਟਰਾਂ, ਟਿਕਾਊ ਖੇਤੀਬਾੜੀ, ਸਾਫ਼ ਊਰਜਾ, ਸਿਹਤ, ਮਹਾਂਮਾਰੀ ਦੇ ਰੋਕਥਾਮ ਦੀ ਤਿਆਰੀ, ਅਤੇ ਉੱਭਰ ਰਹੀਆਂ ਤਕਨਾਲੋਜੀਆਂ ਵਿੱਚ ਡੂੰਘੀ ਖੋਜ ਤੇ ਭਾਈਵਾਲੀ ਨੂੰ ਉਤਸ਼ਾਹਿਤ ਕਰਨਾ ਸੀ। ਇਸੇ ਤਰਾਂ 1+3, 2+2 ਕਾਪੋਰੇਸ਼ਨ, ਭਾਵ ਕਿ ਭਾਰਤੀ ਵਿਦਿਆਰਥੀਆਂ ਨੇ ਅਮਰੀਕਾ ਦੀਆਂ ਸਹਿਯੋਗੀ ਯੂਨੀਵਰਸਿਟੀਆਂ ਵਿੱਚ 1 ਜਾਂ 2 ਸਾਲ ਦਾ ਅਧਿਐਨ ਕਰਨੇ ਹਨ। ਸੈਨ ਡਿਏਗੋ ਯੂਨੀਵਰਸਿਟੀ ਭਾਰਤ ਵਿੱਚ ਕੈਂਪਸ ਸਥਾਪਤ ਕਰਨ, ਗਿਫਟ ਸਿਟੀ, ਆਰਟੀਫੀਸ਼ੀਅਲ ਇੰਟੈਲੀਜੈਂਸ, ਡੇਟਾ ਸਾਇੰਸ ਅਤੇ ਸਾਈਬਰ ਸੁਰੱਖਿਆ ਵਿੱਚ ਦੋਹਰੇ-ਡਿਗਰੀ ਪ੍ਰੋਗਰਾਮਾਂ ਅਤੇ ਔਨਲਾਈਨ ਕੋਰਸਾਂ ਦੀ ਸ਼ੁਰੂਆਤ ਸ਼ਾਮਿਲ ਹੈ। ਇਥੇ ਹੀ ਟੀਅਰ 2 ਅਤੇ ਟੀਅਰ 3 ਸ਼ਹਿਰਾਂ ਦੇ ਅਦਾਰਿਆਂ ਦੇ ਵਿਚਕਾਰ ਟਾਈ ਅੱਪ ਲਈ ਵੀ ਜ਼ੋਰ ਦਿੱਤਾ ਗਿਆ। ਦੱਸਣਾ ਬਣਦਾ ਹੈ ਕਿ ਰਾਜਦੂਤ ਸੰਧੂ ਦੇ ਕਾਰਜਕਾਲ 'ਚ ਅਮਰੀਕਾ ਦੌਰੇ 'ਤੇ ਗਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਰੀਕਾ ਦੀ ਪਹਿਲੀ ਮਹਿਲਾ ਜਿਲ ਬਿਡੇਨ ਨੇ ਵਾਸ਼ਿੰਗਟਨ ਡੀਸੀ ਵਿੱਚ ਨੈਸ਼ਨਲ ਸਾਇੰਸ ਫਾਊਂਡੇਸ਼ਨ ਦੁਆਰਾ ਆਯੋਜਿਤ 'ਸਕਿਲਿੰਗ ਫਾਰ ਫਿਊਚਰ' ਪ੍ਰੋਗਰਾਮ ਵਿੱਚ ਹਿੱਸਾ ਲਿਆ। ਜਿੱਥੇ ਪੀ ਐਮ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦਾ ਟੀਚਾ ਇਸ ਦਹਾਕੇ ਨੂੰ ਤਕਨੀਕੀ ਐਜੂਕੇਸ਼ਨ ਨਾਲ ਲੈਸ ਕਰਨਾ ਹੈ, ਇਸ ਲਈ ਭਾਰਤ ਨੇ ਨੌਜਵਾਨ ਉੱਦਮੀਆਂ ਨੂੰ ਉਤਸ਼ਾਹਿਤ ਕਰਨ ਲਈ 'ਸਟਾਰਟ-ਅੱਪ ਇੰਡੀਆ' ਮਿਸ਼ਨ ਸ਼ੁਰੂ ਕੀਤਾ ਹੈ।

### ਸਿੱਖ ਨੌਜਵਾਨਾਂ ਨੂੰ ਤੁਰੰਤ ਡਿਬਰੂਗੜ੍ਹ ਤੋਂ

# ਪੰਜਾਬ ਦੀ ਜੇਲ੍ਹ ਵਿਚ ਤਬਦੀਲ ਕਰਨਾ ਚਾਹੀਦਾ : ਮਾਨ



ਧੂਰੀ ( ਰਣਜੀਤ ਸਿੰਘ ਪੇਧਨੀ ) ਵਾਰਿਸ ਪੰਜਾਬ ਜਥੇਬੰਦੀ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨਾਂ ਦੇ ਸਾਥੀ ਨੌਜਵਾਨਾਂ ਨੂੰ ਜੇਲ੍ਹ ਅੰਦਰ ਜਾਣਬੁੱਝ ਕੇ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਇਨ੍ਹਾਂ ਦੀਆਂ ਬੈਰਕਾਂ ਅੰਦਰ ਨਿੱਜਤਾ ਦੀ ਉਲੰਘਣਾ ਕਰਦਿਆਂ ਕੈਮਰੇ ਅਤੇ ਰਿਕਾਰਡਰ ਲਗਾਏ ਜਾਣ ਦੀ ਗੱਲ ਵੀ ਸਾਹਮਣੇ ਆ ਰਹੀ ਹੈ। ਪਰਿਵਾਰਾਂ ਅਨੁਸਾਰ ਨਜ਼ਰਬੰਦ ਸਿੱਖਾਂ ਨੂੰ ਲੋੜ ਅਨੁਸਾਰ ਖਾਣਾ ਅਤੇ ਸਿਹਤ ਸਹੂਲਤਾਂ ਮੁਹੱਈਆ ਨਹੀਂ ਕਰਵਾਈਆਂ ਜਾ ਰਹੀਆਂ। ਜਿਸ ਨੂੰ ਦੇਖਦਿਆਂ ਇਨ੍ਹਾਂ ਸਿੱਖ ਨੌਜਵਾਨਾਂ ਨੂੰ ਤੁਰੰਤ ਡਿਬਰੂਗੜ੍ਹ ਤੋਂ ਪੰਜਾਬ ਦੀ ਜੇਲ੍ਹ ਵਿਚ ਤਬਦੀਲ ਕਰਨਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸੰਗਰੂਰ ਨੇ ਕੀਤਾ। ਜਿਕਰਯੋਗ ਹੈ ਕਿ ਅੱਜ ਉਹ ਮੁੱਖ ਮੰਤਰੀ ਦੇ ਦਫਤਰ ਅੱਗੇ ਧਰਨਾ ਦੇ ਰਹੇ ਮੁਲਾਜ਼ਮਾਂ ਦੀ ਹਮਾਇਤ ਤੇ ਆਏ ਹੋਏ ਸਨ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਵਿੱਚ ਮੁਲਾਜ਼ਮ ਜਥੇਬੰਦੀਆਂ ਵੱਲੋਂ ਲੱਗ ਰਹੇ ਰੋਜ਼ਾਨਾ ਧਰਨੇ ਮੁਜਾਰਿਆਂ ਵਿੱਚ ਪਰਿਵਾਰਾਂ ਸਮੇਤ ਪਰੇਸ਼ਾਨ ਹੁੰਦੇ ਮੁਲਾਜ਼ਮਾਂ ਦੀ ਗੱਲ ਸੁਣ ਕੇ ਉਹਨਾਂ ਦੇ ਮਸਲੇ ਦਾ ਜਲਦੀ ਹੱਲ ਕਰਨ ਤਾ ਜੋ ਪੰਜਾਬ ਵਿੱਚ ਅਮਨ ਕਨੂੰਨ ਦੀ ਸਥਿਤੀ ਨੂੰ ਬਹਾਲ ਕੀਤਾ ਜਾ ਸਕੇ। ਇਸ ਮੌਕੇ ਉਹਨਾਂ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪੀਏਸੀ ਦੇ ਸ, ਹਰਬੰਸ ਸਿੰਘ ਸਲੇਮਪੁਰ ,ਅਕਾਲੀ ਦਲ ਅੰਮ੍ਰਿਤਸਰ ਦੇ ਆਗੂ ਸਾਧੂ ਸਿੰਘ ਪੇਧਨੀ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਹਲਕਾ ਧੂਰੀ ਦੇ ਸੀਨੀਅਰ ਆਗੂ ਨਰਿੰਦਰ ਸਿੰਘ ਕਾਲਾਬੂਲਾ, ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਵਾਸਵੀਰ ਸਿੰਘ ਭੁੱਲਰ ਰਾਜੋਮਾਜਰਾ , ਨੌਜਵਾਨ ਆਗੂ ਜਸਬੀਰ ਸਿੰਘ ਧੰਦੀਵਾਲ, ਗੁਰਪ੍ਰੀਤ ਸਿੰਘ ਮੂਲੋਵਾਲ ਹਾਜ਼ਰ ਸਨ।

# ਕੈਬਨਿਟ ਮੰਤਰੀ ਵਿਧਾਇਕ ਅਹੁਦੇ ਤੋਂ ਅਸਤੀਫ਼ਾ ਦੇ ਕੇ ਚੋਣਾਂ ਲੜਨ: ਨੀਲੂ ਮਿੱਤਲ



**ਧੂਰੀ, (ਰਣਜੀਤ ਸਿੰਘ ਪੇਧਨੀ)**-ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਪਿਛਲੇ ਦਿਨੀ ਸੀਏਏ ਕਾਨੂੰਨ ਪਾਸ ਕਰਕੇ ਬਾਹਰਲੇ ਦੇਸ਼ਾਂ ਵਿੱਚੋਂ ਆ ਕੇ ਵਸੇ ਲੋਕਾਂ ਨੂੰ ਵੱਡੀ ਰਾਹਤ ਦੇਣ ਤੋਂ ਬਾਅਦ 100 ਰੁਪਏ ਘਰੇਲੂ ਗੈਸ ਸਿਲੰਡਰ ਸਸਤਾ ਕੀਤਾ ਅਤੇ ਦੋ ਰੁਪਏ ਪੈਟਰੋਲ ਦੋ ਰੁਪਏ ਡੀਜ਼ਲ ਸਸਤਾ ਕੀਤਾ ਹੈ। ਜਿਸ ਦੇ ਨਾਲ ਦੇਸ਼ ਦੀ ਜਨਤਾ ਨੂੰ ਰਾਹਤ ਮਿਲੇਗੀ ਅਤੇ ਜਿਸ ਦੀ ਹਰ ਵਰਗ ਸਲਾਂਘਾ ਕਰ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਦੇ ਸੀਨੀਅਰ ਮੀਤ ਪ੍ਰਧਾਨ ਸ੍ਰੀ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਨੇ ਕੀਤਾ। ਉਹਨਾਂ ਕਿਹਾ ਕਿ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ 2 ਰੁਪਏ ਦੀ ਕਟੌਤੀ ਕਰਕੇ, ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਕਰੋੜਾਂ ਭਾਰਤੀਆਂ ਦੇ ਆਪਣੇ ਪਰਿਵਾਰ ਦੀ ਭਲਾਈ ਅਤੇ ਸੁੱਖ-ਸਹੂਲਤਾਂ ਹਮੇਸ਼ਾ ਉਨ੍ਹਾਂ ਦਾ ਟੀਚਾ ਹੈ। ਉਹਨਾਂ ਪੰਜਾਬ ਸਰਕਾਰ ਦੇ ਮੰਤਰੀਆਂ ਨੂੰ ਆੜੇ ਹੱਥੀ ਲੈਂਦਿਆਂ ਕਿਹਾ ਕਿ ਜੇਕਰ ਲੋਕ ਸਭਾ ਚੋਣਾਂ ਲੜਨ ਦਾ ਚਾਅ ਹੈ ਤਾਂ ਉਹ ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਵਾਂਗ ਆਪਣੇ ਵਿਧਾਇਕੀ ਤੋਂ ਅਸਤੀਫਾ ਦੇ ਕੇ ਚੋਣਾਂ ਲੜਨ। ਉਹਨਾਂ ਕਿਹਾ ਕਿ ਪਹਿਲਾਂ ਮੁੱਖ ਮੰਤਰੀ ਕਹਿੰਦੇ ਹੁੰਦੇ ਸੀ ਕਿ ਜਿਮਨੀ ਚੋਣ ਪੰਜਾਬ ਉੱਤੇ ਵਾਧੂ ਬੋਝ ਹੈ ਹੁਣ ਪੰਜਾਬ ਦੇ ਹਾਂਜੀ ਕੈਬਨਟ ਮੰਤਰੀਆਂ ਨੂੰ ਚੋਣ ਮੈਦਾਨ ਵਿੱਚੋਂ ਉਤਾਰਿਆ ਜਾ ਰਿਹਾ ਹੈ, ਕੀ ਉਹ ਪੰਜਾਬ ਦੇ ਜਨਤਾ ਤੇ ਵਾਧੂ ਬੋਝ ਨਹੀਂ ਪਵੇਗਾ।

# ਪੁੰਗਰਦੇ ਹਰ.ਫ ਵਿਸ਼ਵ ਸਾਹਿਤਕ ਮੰਚ" ਵੱਲੋਂ ਕਵੀ ਦਰਬਾਰ ਕਰਵਾਇਆ




**ਚੌਕ ਮਹਿਤਾ, 14 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-"ਪੁੰਗਰਦੇ ਹਰਫ਼ ਵਿਸ਼ਵ ਸਾਹਿਤਕ ਮੰਚ" ਵੱਲੋਂ ਅੰਮ੍ਰਿਤਸਰ ਦੀ ਪਵਿੱਤਰ ਧਰਤੀ ਵਿਖੇ ਬਲਿਹਾਰ ਲੇਹਲ (ਅਮਰੀਕਾ) ਅਤੇ ਡਾ. ਗੁਰਸ਼ਰਨ ਸ. ਸੋਹਲ ਦੀ ਅਗਵਾਈ ਵਿੱਚ ਇੱਕ "ਕਾਵਿ-ਮਹਿਫ਼ਲ" ਦਾ ਆਯੋਜਨ ਕਰਵਾਇਆ ਗਿਆ। ਮੰਚ ਦੀ ਸੰਸਥਾਪਕਾ ਰਮਨਦੀਪ ਕੌਰ ਰੰਮੀ ਜੀ ਨੇ ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਸਾਰੇ ਕਵੀ ਸਾਹਿਬਾਨਾਂ ਨੂੰ ਜੀ ਆਇਆਂ ਆਖਿਆ। ਇਸ ਮੌਕੇ ਬਤੌਰ ਮੁੱਖ ਮਹਿਮਾਨ ਪਹੁੰਚੇ ਕਨੇਡਾ ਦੇ ਸਫਲ ਕਾਰੋਬਾਰੀ, ਪੰਜਾਬ ਭਵਨ ਸਰੀ ਦੇ ਸੰਸਥਾਪਕ ਅਤੇ ਸਾਹਿਤ ਪ੍ਰੋਮੋਟਰ ਸ੍ਰੀ ਸੁੱਖੀ ਬਾਠ ਜੀ ਪਹੁੰਚੇ ਹੋਏ ਸਨ। ਕਿਰਨਜੀਤ ਕੌਰ ਜੀ ਵੱਲੋਂ ਕੁਝ ਬੇਹਤਰੀਨ ਸ਼ੇਅਰਾਂ ਨਾਲ ਪ੍ਰੋਗਰਾਮ ਦਾ ਆਗਾਜ਼ ਕੀਤਾ। ਇਸ ਕਵੀ ਦਰਬਾਰ ਵਿਚ ਸ਼ਿਰਕਤ ਕਰਨ ਵਾਲੇ ਸਤਿਕਾਰਯੋਗ ਕਵੀਜਨ ਅਜੀਤ ਸਿੰਘ ਨਬੀਪੁਰੀ, ਰਾਜ ਕਲਾਨੌਰ, ਮਨਦੀਪ ਸਿੱਧੂ, ਸਿਮਰਨਜੀਤ ਕੌਰ ਸਿਮਰ, ਨਵੀਨ ਕੁਮਾਰ, ਰਾਜਬੀਰ ਕੌਰ ਗਰੇਵਾਲ, ਪ੍ਰਵੀਨ ਕੌਰ ਸਿੱਧੂ, ਸਤਿੰਦਰਜੀਤ ਕੌਰ ਨੇ ਆਪਣੀਆਂ ਖੂਬਸੂਰਤ ਰਚਨਾਵਾਂ ਪੇਸ਼ ਕਰਕੇ ਪ੍ਰੋਗਰਾਮ ਦਾ ਰੰਗ ਬੰਨ੍ਹ ਦਿੱਤਾ ਅਤੇ ਨਾਲ ਹੀ ਧਰਮਿੰਦਰ ਸਿੰਘ ਤੇ ਗੁਰਸਾਹਿਬ ਸਿੰਘ ਭੁੱਲਰ ਨੇ ਪੰਜਾਬ ਦੇ ਹਾਲਾਤਾਂ ਅਤੇ ਪੰਜਾਬੀ ਭਾਸ਼ਾ ਦੀ ਸਥਿਤੀ ਬਾਰੇ ਭਾਵਪੂਰਨ ਗੱਲਾਂ ਕੀਤੀਆਂ। ਸ਼੍ਰੀ ਸੁੱਖੀ ਬਾਠ ਜੀ ਵੱਲੋਂ ਇਸ ਸੁਨਹਿਰੀ ਮੌਕੇ ਬਾਲ ਕਵੀਆਂ ਦੀ ਫ੍ਰੀ ਪੁਸਤਕ "ਨਵੀਆਂ ਕਲਮਾਂ ਨਵੀਂ ਉਡਾਣ" ਨੂੰ ਸੰਸਥਾ ਦੇ ਚੇਅਰਮੈਨ ਬਲਿਹਾਰ ਲੇਹਲ, ਸੰਸਥਾਪਿਕ ਰਮਨਦੀਪ ਕੌਰ, ਪ੍ਰਧਾਨ ਅਮਨਬੀਰ ਧਾਮੀ ਜੀ ਦੇ ਮਾਤਾ ਜੀ ਪ੍ਰੇਮਜੀਤ ਕੌਰ ਅਤੇ ਸੁਪਤਨੀ ਬਲਜੀਤ ਕੌਰ ਪ੍ਰੀਤ, ਮੀਤ ਪ੍ਰਧਾਨ ਡਾ.ਗੁਰਸ਼ਰਨ ਸਿੰਘ ਸੋਹਲ, ਸਿਮਰਨਜੀਤ ਕੌਰ, ਪ੍ਰੈਸ ਸਕੱਤਰ ਸਿਮਰ ਕੌਰ ਤੇ ਮੇਜ਼ਬਾਨ ਕਿਰਨਜੀਤ ਕੌਰ ਦੀ ਹਾਜ਼ਰੀ ਵਿੱਚ ਲੋਕ ਅਰਪਣ ਕੀਤਾ ਅਤੇ ਉਪਰੰਤ ਸਨਮਾਨ ਸਮਾਰੋਹ ਕੀਤਾ ਗਿਆ।

# ਤਰਸਿੱਕਾ ਸਕੂਲ ਦੀ ਦਾਖਲਾ ਰੈਲੀ ਨੇ ਧਾਰਿਆ ਵਿਸ਼ਾਲ ਰੂਪ



**ਚੌਕ ਮਹਿਤਾ, 14 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਰਾਜ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ ਅਨੁਸਾਰ, ਜ਼ਿਲ੍ਹਾ ਸਿੱਖਿਆ ਅਫ਼ਸਰ (ਸਸ) ਅੰਮ੍ਰਿਤਸਰ ਸ਼੍ਰੀ ਰਾਜੇਸ਼ ਕੁਮਾਰ ਦੀ ਰਹਿਨੁਮਾਈ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਰਸਿੱਕਾ ਦੇ ਪ੍ਰਿੰਸੀਪਲ ਅਤੇ ਐਜੂਕੇਸ਼ਨਲ ਬਲਾਕ ਤਰਸਿੱਕਾ ਦੇ ਨੋਡਲ ਅਫ਼ਸਰ ਸ਼੍ਰੀ ਦੀਪਕ ਕੁਮਾਰ ਦੀ ਯੋਗ ਅਗਵਾਈ ਹੇਠ ਦਾਖਲਾ ਮੁਹਿੰਮ ਤਹਿਤ ਸਕੂਲ ਦੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਸਮੇਤ ਤਰਸਿੱਕਾ ਦੇ ਮੁੱਖ ਬਾਜ਼ਾਰਾਂ ਵਿੱਚ ਦਾਖਲਾ ਰੈਲੀ ਕੱਢੀ ਗਈ। ਸਕੂਲ ਦੇ ਵਿਦਿਆਰਥੀਆਂ ਦੀ ਭਰਪੂਰ ਗਿਣਤੀ ਅਤੇ ਅਨੁਸ਼ਾਸਨ ਵਿੱਚ ਚੱਲਣ ਕਾਰਨ ਇਸ ਰੈਲੀ ਨੇ ਅਜਿਹਾ ਵਿਸ਼ਾਲ ਰੂਪ ਧਾਰਨ ਕੀਤਾ ਕਿ ਵੇਖਣ ਵਾਲੇ ਲੋਕ ਅਚੰਭਿਤ ਹੋਏ ਬਿਨ੍ਹਾਂ ਨਾ ਰਹਿ ਸਕੇ। ਇਸ ਮੌਕੇ ਉਨ੍ਹਾਂ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਮ ਦਿਵਾਲੀ ਦੇ ਪ੍ਰਿੰਸੀਪਲ ਸ਼੍ਰੀ ਕੁਲਦੀਪ ਸਲਵਾਨ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੁਗਾਵਾਂ ਸਾਧਪੁਰ ਦੇ ਪ੍ਰਿੰਸੀਪਲ ਸ. ਗੁਰਪ੍ਰੀਤ ਸਿੰਘ ਅਤੇ ਸਰਕਾਰੀ ਹਾਈ ਸਕੂਲ ਚੰਨਣਕੇ ਦੇ ਇੰਚਾਰਜ ਸ. ਨਰਿੰਦਰ ਸਿੰਘ ਰਾਏ ਉਚੇਚੇ ਤੌਰ 'ਤੇ ਹਾਜ਼ਰ ਸਨ। ਪ੍ਰਿੰਸੀਪਲ ਦੀਪਕ ਕੁਮਾਰ ਨੇ ਆਮ ਜਨਤਾ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਕੇ ਪ੍ਰਾਈਵੇਟ ਸਕੂਲਾਂ ਨੂੰ ਪਿੱਛੇ ਛੱਡ ਦਿੱਤਾ ਹੈ। ਸਰਕਾਰੀ ਸਕੂਲ ਅਥਾਹ ਸਹੂਲਤਾਂ ਨਾਲ ਲੈਸ ਹਨ ਅਤੇ ਅੱਜ ਪੰਜਾਬ ਸਰਕਾਰ ਵੱਲੋਂ ਕਾਫ਼ੀ ਜ਼ਿਆਦਾ ਪੜ੍ਹੇ-ਲਿਖੇ ਨਵੇਂ ਅਧਿਆਪਕਾਂ ਦੀ ਭਰਤੀ ਕਰ ਕੇ ਸਕੂਲਾਂ ਵਿੱਚ ਸਟਾਫ਼ ਦੀ ਕਮੀ ਨੂੰ ਪੂਰਾ ਕਰ ਦਿੱਤਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸਰਕਾਰੀ ਸਕੂਲਾਂ ਵਿੱਚ ਕਿੱਤਾ ਮੁਖੀ ਪੁਰਾਣੇ ਚੱਲ ਰਹੇ ਕੋਰਸਾਂ ਦੇ ਨਾਲ-ਨਾਲ ਨਵੇਂ ਕੋਰਸਾਂ ਦੀ ਸ਼ੁਰੂਆਤ ਕਰਦਿਆਂ ਵਿਦਿਆਰਥੀਆਂ ਨੂੰ ਹੱਥੀਂ ਕੰਮ ਸਿਖਾ ਕੇ ਪੜ੍ਹਾਈ ਉਪਰੰਤ ਕਮਾਈ ਕਰਨ ਦੇ ਯੋਗ ਬਣਾਇਆ ਜਾ ਰਿਹਾ ਹੈ। ਇਸ ਮੌਕੇ ਰੈਲੀ ਵਿੱਚ ਲੈਕਚਰਾਰ ਮਨਜਿੰਦਰ ਕੌਰ, ਰਾਜਵਿੰਦਰ ਕੌਰ ਪੰਨੂ, ਮਨਜਿੰਦਰ ਸਿੰਘ, ਅਮਰਬੀਰ ਸਿੰਘ, ਸੁਖਵਿੰਦਰ ਸਿੰਘ ਅਤੇ ਸਟੀਫਨ ਆਦਿ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

### ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ, ਬਰਾਂਚ ਦਮਦਮੀ ਟਕਸਾਲ (ਮਹਿਤਾ) ਵਿਖੇ

# 19 ਤੇ 20 ਮਾਰਚ ਨੂੰ ਹੋਣਗੇ ਧਾਰਮਿਕ ਸਮਾਗਮ—ਸੰਤ ਗਿਆਨੀ ਕਰਤਾਰ ਸਿੰਘ



**ਫ਼ਿਰੋਜ਼ਪੁਰ, 15 ਮਾਰਚ (ਮਨੋਹਰ ਲਾਲ) :—** ਪਿੰਡ ਝੋਕ ਮੋਹੜੇ ਫ਼ਿਰੋਜ਼ਪੁਰ ਦੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਸਾਹਿਬ ਬਰਾਂਚ ਦਮਦਮੀ ਟਕਸਾਲ (ਮਹਿਤਾ) ਵਿਖੇ ਸੰਤ ਬਾਬਾ ਠਾਕੁਰ ਸਿੰਘ ਜੀ, ਸੰਤ ਬਾਬਾ ਕੁੰਦਨ ਸਿੰਘ, ਸੰਤ ਬਾਬਾ ਗੁਰਬਖਸ਼ ਸਿੰਘ ਜੈਲਦਾਰ ਅਤੇ ਹੋਰ ਅਨੇਕਾਂ ਮਹਾਂਪੁਰਖਾਂ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਸਮਾਗਮ 19 ਮਾਰਚ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ 19 ਮਾਰਚ ਨੂੰ ਸਮਾਗਮ ਅਤੇ 20 ਮਾਰਚ ਨੂੰ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਵਾਲਾ, ਪ੍ਰਿੰਸੀਪਲ ਮੈਡਮ ਜ਼ਸਪ੍ਰੀਤ ਕੌਰ, ਵੀਰਪਾਲ ਸਿੰਘ ਅਤੇ ਭਾਈ ਰਛਪਾਲ ਸਿੰਘ ਨੇ ਦੱਸਿਆ ਕਿ ਇਸ ਸਬੰਧ ਵਿਚ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ (ਪ੍ਰਧਾਨ ਸੰਤ ਸਮਾਜ) ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨਗੇ ਅਤੇ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਤੋਂ ਇਲਾਵਾ ਗਿਆਨੀ ਜੀਵਾ ਸਿੰਘ ਦਮਦਮੀ ਟਕਸਾਲ, ਰਾਗੀ ਨਿਰਭੈ ਸਿੰਘ ਹਜ਼ੂਰੀ ਰਾਗੀ ਤਖਤ ਸ੍ਰੀ ਦਮਦਮਾ ਸਾਹਿਬ, ਰਾਗੀ ਸੁਖਜੀਤ ਸਿੰਘ ਖਾਲਸਾ (ਫ਼ਿਰੋਜ਼ਪੁਰ ਵਾਲੇ) ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਪ੍ਰਿੰਸੀਪਲ ਮੈਡਮ ਜ਼ਸਪ੍ਰੀਤ ਕੌਰ, ਵੀਰਪਾਲ ਸਿੰਘ ਅਤੇ ਭਾਈ ਰਛਪਾਲ ਸਿੰਘ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਉਹ ਪਰਿਵਾਰਾਂ ਸਮੇਤ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਅਤੇ ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਕਲਗੀਧਰ ਦਸਮੇਸ਼ ਪਿਤਾ ਦੇ ਪੁੱਤਰ ਧੀਆਂ ਬਣੋ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

### ਪ੍ਰਦੂਸ਼ਣ ਤੇ ਵਾਤਾਵਰਣ ਵਿਸ਼ੇ 'ਤੇ

# ਲਾਇਆ ਸੈਮੀਨਾਰ—ਬੱਚਿਆਂ ਦੇ ਕਰਵਾਏ ਮੁਕਾਬਲੇ



**ਫ਼ਿਰੋਜ਼ਪੁਰ, 15 ਮਾਰਚ (ਮਨੋਹਰ ਲਾਲ) :—** ਪ੍ਰਦੂਸ਼ਣ ਦੇ ਖਾਤਮੇ ਅਤੇ ਸਾਫ—ਸੁਥਰੇ ਵਾਤਾਵਰਣ ਦੀ ਕਾਮਨਾ ਨਾਲ ਵਣ ਰੇਂਜ ਫ਼ਿਰੋਜ਼ਪੁਰ ਵੱਲੋਂ ਬਾਦਸ਼ਾਹ ਵੈਜੀਟੇਰੀਅਨ ਗੁਰੂਹਰਸਹਾਏ ਵਿਖੇ ਇਕ ਰੋਜ਼ਾ ਜਾਗਰੁਕਤਾ ਕੈਂਪ ਲਗਾਇਆ ਗਿਆ, ਜਿਸ ਦੀ ਰਹਿਨੁਮਾਈ ਸ੍ਰੀ ਪਵਨ ਸੁਧੀਰ ਵੱਲੋਂ ਕੀਤੀ ਗਈ। ਇਸ ਸੈਮੀਨਾਰ ਦੌਰਾਨ ਸਕੂਲੀ ਬੱਚਿਆਂ ਦੇ ਭਾਸ਼ ਮੁਕਾਬਲੇ, ਚਿੱਤਰਕਲਾ ਮੁਕਾਬਲੇ ਅਤੇ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ ਗਏ, ਜਿਸ ਵਿਚ ਸਰਕਾਰੀ ਹਾਈ ਸਕੂਲ ਝੰਡੂਵਾਲਾ ਅਤੇ ਸਰਕਾਰੀ ਮਿਡਲ ਸਕੂਲ ਮੋਹਨ ਕੇ ਉਤਾੜ ਦੇ ਸਕੂਲੀ ਵਿਦਿਆਰਥੀਆਂ ਨੇ ਸ਼ਿਰਕਤ ਕਰਕੇ ਆਪੋ—ਆਪਣੀ ਕਲਾਂ ਦਾ ਮੁਜ਼ਾਹਰਾ ਕੀਤਾ। ਇਸ ਮੌਕੇ ਬੱਚਿਆਂ ਨਾਲ ਵਿਚਾਰ ਸਾਂਝੇ ਕਰਦਿਆਂ ਲਖਬੀਰ ਸਿੰਘ ਟਰੈਫਿਕ ਇੰਚਾਰਜ ਨੇ ਸ਼ੋਰ ਪ੍ਰਦੂਸ਼ਣ ਅਤੇ ਵਾਤਾਵਰਣ ਬਾਰੇ ਵਿਚਾਰ ਸਾਂਝੇ ਕਰਦਿਆਂ ਬੱਚਿਆਂ ਨੂੰ ਆਪਣਾ ਆਲਾ—ਦੁਆਲਾ ਹਰਾ—ਭਰਾ ਬਣਾਉਣ ਦੀ ਅਪੀਲ ਕੀਤੀ। ਇਸ ਮੌਕੇ ਬਲਦੇਵ ਸਿੰਘ ਪਬਲਿਕ ਹੈਲਥ ਵਿਭਾਗ, ਬਲਜਿੰਦਰ ਸਿੰਘ ਤਹਿਸੀਲਦਾਰ ਅਤੇ ਅਮਨਦੀਪ ਸਿੰਘ, ਪਰਮਿੰਦਰ ਸਿੰਘ ਅੰਗਰੇਚੀ ਟੀਚਰ ਅਹਿਮੰਦ ਢੰਡੀ ਸਕੂਲ ਆਦਿ ਨੇ ਬੱਚਿਆਂ ਨੂੰ ਰੁੱਖਾਂ—ਪੰਛੀਆਂ, ਵਾਤਾਵਰਣ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਮਨੁੱਖੇ ਜੀਵਨ ਵਿਚ ਇਨ੍ਹਾਂ ਦੀ ਮਹੱਤਤਾ ਬਾਰੇ ਜਾਗਰੁਕ ਕੀਤਾ। ਇਸ ਮੌਕੇ ਕਰਨਵੀਰ ਨੇ ਵੀ ਆਪਣੀ ਹਾਜ਼ਰੀ ਲਵਾਈ, ਜਦੋਂ ਕਿ ਮਹਿੰਦਰ ਸਿੰਘ ਧਾਲੀਵਾਲ ਜਰਨਲ ਸਕੱਤਰ ਪੰਜਾਬ ਫਾਰੈਸਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਨੇ ਆਪਣੇ ਤਜਰਬੇ ਸਾਂਝੇ ਕੀਤੇ। ਇਸ ਮੌਕੇ ਬਲਵਿੰਦਰ ਸਿੰਘ ਏ.ਐਸ.ਆਈ ਟਰੈਫਿਕ ਇੰਚਾਰਜ, ਗੁਰਮੇਜ਼ ਸਿੰਘ ਏ.ਐਸ.ਆਈ ਟਰੈਫਿਕ, ਕਾਬਿਲ ਸਿੰਘ ਏ.ਐਸ.ਆਈ ਪੁਲਿਸ ਲਾਈਨ ਫ਼ਿਰੋਜ਼ਪੁਰ ਨੇ ਵੀ ਸ਼ਮੂਲੀਅਤ ਕੀਤੀ, ਜਦੋਂ ਕਿ ਵਿਨੋਦ ਸਿੰਗਲਾ ਸਰਕਾਰੀ ਹਾਈ ਸਕੂਲ ਝੰਡੂਵਾਲਾ ਅਤੇ ਮਨਜੀਤ ਕੌਰ ਹੈਡ ਕਾਂਸਟੇਬਲ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ਅਤੇ ਮੁੱਖ ਮਹਿਮਾਨ ਗਗਨਦੀਪ ਸਿੰਘ ਐਸ.ਡੀ.ਐਮ ਵੱਲੋਂ ਵਣ ਮੰਡਲ ਵਿਸਥਾਰ ਬਠਿੰਡਾ ਦੀ ਟੀਮ ਦੇ ਕਾਰਜ ਦੀ ਸ਼ਲਾਘਾ ਕੀਤੀ। ਇਸ ਮੌਕੇ ਗੁਰਜੰਗ ਸਿੰਘ ਵਣ ਰੇਂਜ ਵਿਸਥਾਰ ਬਠਿੰਡਾ ਦੀ ਪ੍ਰਧਾਨਗੀ ਕੀਤੀ ਅਤੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਮਨਪ੍ਰੀਤ ਸਿੰਘ ਰੇਂਜ ਅਫਸਰ ਵਿਸਥਾਰ ਸ੍ਰੀ ਮੁਤਸਰ ਸਾਹਿਬ ਨੇ ਸਟੇਜ਼ ਸਕੱਤਰ ਦੀ ਭੂਮਿਕਾ ਬਾਖ਼ੂਬੀ ਨਿਭਾਈ। ਸਮਾਗਮ ਵਿਚ ਸ਼ਾਮਿਲ ਹੋਏ ਬੱਚਿਆਂ ਨੂੰ ਬਰੇਕਫਾਸਟ ਅਤੇ ਲੰਚ ਵੀ ਕਰਵਾਇਆ ਗਿਆ ਅਤੇ ਬੱਚਿਆਂ ਨੂੰ ਕਲੀਅਰ ਬੈਗ, ਸਰਟੀਫਿਕੇਟ, ਟੈਗ ਦਿੱਤੇ ਗਏ ਅਤੇ ਜੇਤੂ ਬੱਚਿਆਂ ਨੂੰ ਸਨਮਾਨ ਚਿੰਨ ਦਿੱਤੇ ਗਏ।

### ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵੱਲੋਂ ਹੋਲੇ ਮੁਹੱਲੇ ਤੇ ਸ੍ਰੀ ਆਨੰਦਪੁਰ ਸਾਹਿਬ ਵਿਖੇ

# ਲੰਗਰ 22 ਮਾਰਚ ਤੋਂ ਲੈ ਕੇ 26 ਮਾਰਚ ਤੱਕ ਲਾਇਆ ਜਾਵੇਗਾ—ਸੰਤ ਬਾਬਾ ਭਗਤ ਮਿਲਖਾ ਸਿੰਘ



**ਫ਼ਿਰੋਜ਼ਪੁਰ, 15 ਮਾਰਚ (ਮਨੋਹਰ ਲਾਲ) :—** ਗੁਰਦੁਆਰਾ ਸ੍ਰੀ ਗੁਰੂ ਰਾਮ ਦਾਸ ਪੁਰੀ ਅਰਮਾਨ ਪੁਰਾ ਆਸਲ ਵੱਲੋਂ ਹੋਲੇ ਮੁਹੱਲੇ ਤੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਲੰਗਰ 22 ਮਾਰਚ ਤੋਂ ਲੈ ਕੇ 26 ਮਾਰਚ ਤੱਕ ਲਾਇਆ ਜਾਵੇਗਾ। ਇਹ ਜਾਣਕਾਰੀ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅਸੀਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਹੋਲੇ ਮੁਹੱਲੇ ਤੇ ਸ੍ਰੀ ਆਨੰਦਪੁਰ ਸਾਹਿਬ ਵਿਖੇ 22 ਮਾਰਚ ਤੋਂ 26 ਮਾਰਚ ਤੱਕ ਲੰਗਰ ਲਾਇਆ ਜਾਵੇਗਾ। ਇਹ ਲੰਗਰ ਗੁਰਦੁਆਰਾ ਡੇਰਾ ਮਾਤਾ ਸਾਹਿਬ ਕੌਰ ਜੀ (ਅਕੈਡਮੀ ਰੋਡ ਨਹਿਰਾਂ ਦੇ ਪੁੱਲ ਦੇ ਨਾਲ) ਸ੍ਰੀ ਆਨੰਦਪੁਰ ਸਾਹਿਬ ਵਿਖੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਲਾਇਆ ਜਾਵੇਗਾ। ਬਾਬਾ ਜੀ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਲਾਇਆ ਜਾਵੇਗਾ। ਬਾਬਾ ਜੀ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਸੰਗਤਾਂ ਭਾਰੀ ਗਿਣਤੀ ਵਿਚ ਲੰਗਰ ਸੇਵਾ ਵਿਚ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਇੰਦਰਪਾਲ ਸਿੰਘ ਮੈਨੇਜਰ ਗੁਰੂ ਰਾਮਾਦਾਸ ਸੀਨੀਅਰ ਪਬਲਿਕ ਸਕੂਲ ਸ਼ਾਹਦੀਨ ਵਾਲਾ ਅਤੇ ਭਾਈ ਨਿਰਵੈਰ ਸਿੰਘ ਵੀ ਹਾਜ਼ਰ ਸਨ।

# ਮੀਤ ਹੇਅਰ ਨੂੰ ਸੰਗਰੂਰ ਤੋਂ ਟਿਕਟ ਮਿਲਣ ਤੇ ਚੇਅਰਮੈਨ ਘੁੱਲੀ ਨੇ ਲੱਡੂ ਵੰਡ ਕੇ ਖੁਸ਼ੀ ਮਨਾਈ




ਧੂਰੀ ( ਰਣਜੀਤ ਸਿੰਘ ਪੇਧਨੀ ) ਲੋਕ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਸੱਤ ਉਮੀਦਵਾਰਾਂ ਦਾ ਐਲਾਨ ਕੀਤਾ ਗਿਆ ਹੈ ਜਿਸ ਵਿੱਚ ਸੰਗਰੂਰ ਲੋਕ ਸਭਾ ਹਲਕੇ ਤੋਂ ਕੈਬਨਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੂੰ ਉਮੀਦਵਾਰ ਬਣਾਇਆ ਗਿਆ ਹੈ। ਸਰਦਾਰ ਗੁਰਮੀਤ ਸਿੰਘ ਮੀਤਹਰ ਨੂੰ ਲੋਕ ਸਭਾ ਹਲਕਾ ਸੰਗਰੂਰ ਤੋਂ ਉਮੀਦਵਾਰ ਬਣਨ ਤੇ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਵੱਲੋਂ ਆਪਣੇ ਦਫਤਰ ਵਿਖੇ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਹਾ ਹੈ ਕਿ ਆਮ ਆਦਮੀ ਪਾਰਟੀ ਦੇ ਕੌਮੀ ਪ੍ਰਧਾਨ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦਾ ਇਹ ਫੈਸਲਾ ਬਹੁਤ ਹੀ ਸਲਾਂਘਾਯੋਗ ਫੈਸਲਾ ਹੈ ਗੁਰਮੀਤ ਸਿੰਘ ਮੀਤ ਹੇਅਰ ਸੰਗਰੂਰ ਲੋਕ ਸਭਾ ਹਲਕੇ ਤੋਂ ਵੱਡੀ ਲੀਡ ਲੈ ਕੇ ਜਿੱਤ ਪ੍ਰਾਪਤ ਕਰਨਗੇ। ਇਸ ਮੌਕੇ ਉਹਨਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਬੁਰੀ ਮਾਨ ਧੂਰੀ,ਆਪ ਦੇ ਸੀਨੀਅਰ ਆਗੂ ਐਡਵੋਕੇਟ ਹੈਪੀ ਗੋਇਲ , ਆਪ ਦੇ ਬਲਾਕ ਪ੍ਰਧਾਨ ਸੁਖਪਾਲ ਸਿੰਘ ਪਾਲਾ ਆਹ ਪਾਗੂ ਬਲਬੀਰ ਸਿੰਘ ਈਸੀ ਆਪ ਆਗੂ ਬਿੱਲਾ ਸਾਹੀਵਾਲ ਆਪ ਆਗੂ ਭਿੰਦਾ ਬਿਰਕ ਆਪ ਆਗੂ ਜਸਵਿੰਦਰ ਖੁਰਮੀ, ਆਪ ਆਗੂ ਬਖਸੀਸ ਸਿੰਘ ਅਲਾਲ, ਆਪ ਆਗੂ ਪੁਚਾਣਾ ਹਾਜਰ ਸਨ।

# ਨਾਇਬ ਸਿੰਘ ਸੈਣੀ ਨੂੰ ਮੁੱਖ ਮੰਤਰੀ ਬਣਾ ਕੇ ਪ੍ਰਧਾਨ ਮੰਤਰੀ ਨੇ ਓਬੀਸੀ ਵਰਗ ਨੂੰ ਦਿੱਤਾ ਮਾਣ—ਅਰਮਿੰਦਰ ਸਿੰਘ ਫਰਮਾਹ



ਫ਼ਿਰੋਜ਼ਪੁਰ, 15 ਮਾਰਚ (ਮਨੋਹਰ ਲਾਲ) :— ਭਾਰਤੀ ਜਨਤਾ ਪਾਰਟੀ ਵਲੋਂ ਨਾਇਬ ਸਿੰਘ ਸੈਣੀ ਐਮ.ਪੀ ਕੁਰੂਕਸੇਤਰਾਂਸ਼ ਨੂੰ ਓ.ਬੀ.ਸੀ ਵਰਗ ਵਿਚ ਹਰਿਆਣੇ ਦਾ ਮੱਖ ਮੰਤਰੀ ਬਣਾ ਕੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਸਮੁੱਚੇ ਓ.ਬੀ.ਸੀ ਵਰਗ ਦਾ ਮਾਣ ਵਧਾਈਆਂ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਓ.ਬੀ.ਸੀ ਮੋਰਚਾ ਪੰਜਾਬ ਦੇ ਸੂਬਾ ਸਕੱਤਰ ਤੇ ਜਿਲ੍ਹਾ ਮੋਗਾ ਦੇ ਪ੍ਰਭਾਰੀ ਡਾ: ਅਰਮਿੰਦਰ ਸਿੰਘ ਫਰਮਾਹ ਨੇ ਕੀਤਾ। ਉਨ੍ਹਾਂ ਕਿਹਾ ਕਿ ਓ.ਬੀ.ਸੀ ਮੋਰਚਾ ਪਹਿਲਾਂ ਵੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਚਟਾਂਨ ਵਾਂਗ ਖੜਾ ਸੀ ਤੇ ਹੁਣ ਹੋਰ ਵੀ ਡੱਟ ਕੇ ਖੜ੍ਹਾ ਦਿਖਾਈ ਦੇਵੇਗਾ। ਉਨ੍ਹਾਂ ਕਿਹਾ ਕਿ ਓ.ਬੀ.ਸੀ ਸਮਾਜ ਦਾ ਪੰਜਾਬ ਵਿਚ ਬਹੁਤ ਵੱਡਾ ਵੋਟ ਬੈਂਕ ਹੈ, ਭਾਰਤੀਆਂ ਜਨਤਾ ਪਾਰਟੀ ਅਤੇ ਹਾਈ ਕਮਾਂਡ ਵਲੋਂ ਲੋਕ ਸਭਾ ਦੀਆਂ 13 ਸੀਟਾਂ ਤੇ ਪੰਜਾਬ ਦਾ ਓ.ਬੀ.ਸੀ ਸਮਾਜ ਇਹਨਾਂ ਸੀਟਾਂ ਨੂੰ ਜਿਤਾਉਣ ਲਈ ਆਪਣਾ ਪੂਰੀ ਤਨਦੇਹੀ ਅਤੇ ਮਿਹਨਤ ਦੇ ਨਾਲ ਕੰਮ ਕਰੇਗਾ। ਡਾ: ਫਰਮਾਹ ਨੇ ਕਿਹਾ ਕੀ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵਲੋਂ ਓ.ਬੀ.ਸੀ ਸਮਾਜ ਨੂੰ ਬਣਦੇ ਹੱਕ ਦਿੱਤੇ ਜਾ ਰਹੇ ਹਨ, ਜਿਸ ਨੂੰ ਵੇਖਦੇ ਹੋਏ ਪਿਛਲੇ ਸਮਿਆਂ ਵਿਚ ਮੱਧ ਪ੍ਰਦੇਸ਼ ਤੋਂ ਓ.ਬੀ.ਸੀ ਸਮਾਜ ਦੇ ਮੋਹਨ ਲਾਲ ਯਾਦਵ ਨੂੰ ਮੁਖ ਮੰਤਰੀ ਬਣਾਇਆ ਗਿਆ, ਇਸੇ ਤਰ੍ਹਾਂ ਹਰਿਆਣਾ ਵਿਚੋਂ ਸ੍ਰੀ ਨਾਇਬ ਸਿੰਘ ਸੈਣੀ ਜੋ ਕੀ ਓ.ਬੀ.ਸੀ ਸਮਾਜ ਦੇ ਬਹੁਤ ਵੱਡੇ ਆਗੂ ਹਨ ਉਨ੍ਹਾਂ ਨੂੰ ਮੁੱਖ ਮੰਤਰੀ ਬਣਾ ਕੇ ਭਾਜਪਾ ਹਾਈ ਕਮਾਂਡ ਨੇ ਓ.ਬੀ.ਸੀ ਸਮਾਜ ਨੂੰ ਬਹੁਤ ਵੱਡਾ ਮਾਣ ਸਤਿਕਾਰ ਦਿਤਾ ਹੈ। ਉਨ੍ਹਾਂ ਕਿਹਾ ਕਿ ਓ.ਬੀ.ਸੀ ਸਮਾਜ ਦੇ ਆਗੂਆਂ ਦੇ ਮੱਖ ਮੰਤਰੀ ਬਣਨ ਨਾਲ ਓ.ਬੀ.ਸੀ ਸਮਾਜ ਵਿਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਦਿਲਜੀਤ ਸਿੰਘ ਖੁਰਮੀ ਵਿਸਥਾਰਕ ਵਿਧਾਨ ਸਭਾ ਦਿਹਾਤੀ ਫਿਰੋਜਪੁਰ ਤੇ ਸੂਬਾ ਕਾਰਜਕਾਰੀ ਮੈਂਬਰ ਓ.ਬੀ.ਸੀ ਮੋਰਚਾ, ਗੁਰਵਿੰਦਰ ਸਿੰਘ ਕੰਬੋਜ ਜਿਲ੍ਹਾ ਪ੍ਰਧਾਨ ਓ.ਬੀ.ਸੀ ਮਰੋਚਾ ਫਿਰੋਜਪਰ, ਸੁਰਜੀਤ ਸਿੰਘ ਮੈਂਬਰ ਸੂਬਾ ਕਾਰਜ ਕਾਰੀ ਓ.ਬੀ.ਸੀ ਮੋਰਚਾ, ਸਾਬਕਾ ਜਰਨਲ ਸਕੱਤਰ ਜੋਹਰੀ ਲਾਲ ਯਾਦਵ, ਬੀਰਿੰਦਰ ਸਿੰਘ ਜੱਸਲ, ਨਿਰਮਲ ਸਿੰਘ ਮੀਨੀਆ ਜਿਲ੍ਹਾ ਪ੍ਰਧਾਨ ਓ.ਬੀ.ਸੀ ਮੋਰਚਾ ਮੋਗਾ, ਡਾ: ਜਸਵਿੰਦਰ ਸਿੰਘ ਖੀਵਾ ਸਾਬਕਾ ਜਿਲ੍ਹਾ ਪ੍ਰਧਾਨ ਓ.ਬੀ.ਸੀ ਮੋਰਚਾ ਫਰੀਦਕੋਟ ਅਤੇ ਹੋਰ ਓ.ਬੀ.ਸੀ ਮੋਰਚਾ ਦੇ ਆਗੂ ਹਾਜਰ ਸਨ।

# ਫਰੀਦਕੋਟ ਹਲਕੇ ਤੋਂ ਸੰਭਾਵੀ ਉਮੀਦਵਾਰ ਹੋ ਸਕਦੇ ਹਨ ਸਰਬਜੀਤ ਸਿੰਘ ਮਲੋਆ



**ਫ਼ਿਰੋਜ਼ਪੁਰ, 15 ਮਾਰਚ (ਮਨੋਹਰ ਲਾਲ) :—** ਪੰਥਕ ਧਿਰਾਂ ਵੱਲੋਂ ਸੰਭਾਵੀ ਉਮੀਦਵਾਰ ਹੋ ਸਕਦੇ ਹਨ ਸਿੱਖ ਕੌਮ ਦੀ ਡਿੱਗੀ ਹੋਈ ਪੱਗ ਨੂੰ ਮੁੜ ਸਿਰ ਤੇ ਰੱਖਣ ਵਾਲੇ ਮਹਾਨ ਯੋਧੇ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ ਭਾਈ ਸਰਬਜੀਤ ਸਿੰਘ ਮਲੋਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ .... ਨੇ ਕਿਹਾ ਕਿ ਲੋਕ ਸਭਾ ਹਲਕਾ ਫਰੀਦਕੋਟ ਤੋਂ ਭਾਈ ਸਰਬਜੀਤ ਸਿੰਘ ਮਲੋਆ ਉਮੀਦਵਾਰ ਹੋ ਸਕਦੇ ਹਛ ਅਤੇ ਜੇਕਰ ਭਾਈ ਸਰਬਜੀਤ ਸਿੰਘ ਖਾਲਸਾ ਫਰੀਦਕੋਟ ਤੋਂ ਚੋਣ ਲੜਦੇ ਹਨ ਤਾਂ ਮੁਕਾਬਲਾ ਬੜਾ ਜਬਰਦਸਤ ਹੋ ਸਕਦਾ ਹੈ, ਕਿਉਂਕਿ ਫਰੀਦਕੋਟ ਪੰਥਕ ਹਲਕਾ ਗਿਣਿਆ ਜਾਂਦਾ ਹੈ ਅਤੇ ਜਿਆਦਾਤਰ ਇਹਦੇ ਵਿੱਚ ਵਿਧਾਨ ਸਭਾ ਹਲਕੇ ਪੇਂਡੂ ਹਨ, ਕਿਉਂਕਿ ਜੂਨ 1984 ਵਿੱਚ ਦਰਬਾਰ ਸਾਹਿਬ ਉਪਰ ਹੋਏ ਹਮਲੇ ਦਾ ਬਦਲਾ ਲੈਣ ਵਾਲੇ ਮਹਾਨ ਸੂਰਬੀਰ ਯੋਧੇ ਦੇ ਸਪੁੱਤਰ ਹਨ, ਜਿਨ੍ਹਾਂ ਨੇ ਕੌਮ ਦੀ ਖਾਤਰ ਆਪਣਾ ਆਪਾ ਵਾਰ ਦਿੱਤਾ ਅਤੇ ਆਪਣੇ ਬੱਚਿਆਂ ਦੀ ਘਰ ਬਾਰ ਦੀ ਪ੍ਰਵਾਹ ਨਹੀਂ ਕੀਤੀ ਕਿਉਂਕਿ ਅੱਜ ਹਰ ਇੱਕ ਨੌਜਵਾਨ ਨੂੰ ਸੋਸ਼ਲ ਮੀਡੀਆ ਰਾਹੀਂ ਕੌਮ ਲਈ ਆਪਾਂ ਵਾਰਨ ਵਾਲਿਆਂ ਬਾਰੇ ਬਹੁਤ ਜਾਣਕਾਰੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨੀ ਜਾਗ ਚੁੱਕੀ ਹੈ, ਜੇਕਰ ਭਾਈ ਸਰਬਜੀਤ ਸਿੰਘ ਚੋਣ ਮੈਦਾਨ ਵਿੱਚ ਆਉਂਦੇ ਨੇ ਸਾਰੀਆਂ ਹੀ ਪੰਥਕ ਜਥੇਬੰਦੀਆਂ ਨੂੰ ਉਹਨਾਂ ਦੀ ਹਮਾਇਤ ਕਰਨੀ ਪੈਣੀ ਹੈ, ਕਿਉਂਕਿ ਪਰਿਵਾਰ ਦੀ ਕੁਰਬਾਨੀ ਬਹੁਤ ਵੱਡੀ ਹੈ, ਉਸ ਕੁਰਬਾਨੀ ਅੱਗੇ ਸਮੁੱਚੇ ਖਾਲਸਾ ਪੰਥ ਦਾ ਸਿਰ ਚੁੱਕਦਾ ਸਾਨੂੰ ਵੀ ਸੋਚਣ ਦੀ ਲੋੜ ਹੈ, ਜਿਨ੍ਹਾਂ ਨੇ ਸਾਡੀ ਖਾਤਰ ਆਪਣਾ ਖੂਨ ਵਹਾਇਆ ਅਸੀਂ ਉਹਨਾਂ ਦੀ ਖਾਤਰ ਇੱਕ ਵੋਟ ਨਹੀਂ ਪਾ ਸਕਦੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਦਿੱਲੀ ਫਤਿਹ ਦਿਵਸ

**ਦਿੱਲੀ ਫਤਿਹ ਦਿਵਸ ਬਾਬਾ ਬਘੇਲ ਸਿੰਘ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ਼ਨੀਵਾਰ 16 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 17 ਮਾਰਚ ਨੂੰ 6:30 ਸਵੇਰੇ ਚਪੈਹਿਰਾ ਦੇ ਪਾਠਾਂ ਦੀ ਅਰੰਭਤਾ ਹੋਵੇਗੀ 10: 30 ਵਜੇ ਭੋਗ ਪੈਣਗੇ ਉਪੰਰਤ ਦੀਵਾਨ ਸਜਣਗੇ।

ਪੰਜਾਬ ਦੀ ਧਰਤੀ ਤੋਂ ਪੁਹੰਚ ਰਹੇ ਕੀਰਤਨੀ ਜਥਾ ਰਾਗੀ ਭਾਈ ਹਰਦੀਪ ਸਿੰਘ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਫ਼ਿਰੋਜ਼ਪੁਰ ਵਿਖੇ 2 ਕਰੋੜ ਦੀ ਲਾਗਤ ਨਾਲ ਬਣਿਆ ਦੇਸ਼ ਦਾ

# ਪਹਿਲਾ ਇਤਿਹਾਸਕ ਸਾਰਾਗੜ੍ਹੀ ਮਿਊਜ਼ੀਅਮ ਲੋਕ ਅਰਪਿਤ




**ਫਿਰੋਜ਼ਪੁਰ, 15 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਾਰਾਗੜ੍ਹੀ ਦੀ ਇਤਿਹਾਸਕ ਲੜਾਈ ਵਿੱਚ ਦੁਸ਼ਮਣ ਨਾਲ ਟੱਕਰ ਲੈਂਦਿਆਂ ਸ਼ਹੀਦੀ ਪ੍ਰਾਪਤ ਕਰਨ ਵਾਲੇ 21 ਸਿੱਖ ਬਹਾਦਰ ਸੈਨਿਕਾਂ ਦੀ ਲਾਮਿਸਾਲ ਕੁਰਬਾਨੀ, ਬਹਾਦਰੀ ਤੇ ਜੁਝਾਰੂਪਣ ਨੂੰ ਸਮਰਪਿਤ 2 ਕਰੋੜ ਦੀ ਲਾਗਤ ਨਾਲ ਬਣਿਆ ਦੇਸ਼ ਦਾ ਪਹਿਲਾ ਇਤਿਹਾਸਕ ਸਾਰਾਗੜ੍ਹੀ ਮਿਊਜ਼ੀਅਮ ਲੋਕ ਅਰਪਿਤ ਕੀਤਾ ਗਿਆ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਅਨਮੋਲ ਗਗਨ ਮਾਨ ਦੀ ਯੋਗ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਕੌਮੀ ਸ਼ਹੀਦਾਂ ਦੀ ਯਾਦਗਾਰ, ਪੰਜਾਬ ਦੇ ਸ਼ਾਨਾਮਤੀ ਇਤਿਹਾਸ ਬਾਰੇ ਲੋਕਾਂ ਨੂੰ ਜਾਗਰੂਕ ਕਰਨ, ਰਾਜ ਵਿੱਚ ਸੈਰ ਸਪਾਟੇ ਨੂੰ ਉਤਸ਼ਾਹਿਤ ਕਰਨ ਅਤੇ ਇਤਿਹਾਸਕ ਮਹੱਤਤਾ ਵਾਲੇ ਸਥਾਨਾਂ ਦੇ ਵਿਕਾਸ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਤਹਿਤ ਅੱਜ ਵਿਧਾਇਕ ਰਣਬੀਰ ਸਿੰਘ ਭੁੱਲਰ ਅਤੇ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਸਾਰਾਗੜ੍ਹੀ ਮਿਊਜ਼ੀਅਮ ਦਾ ਲੋਕ-ਅਰਪਣ ਕੀਤਾ।

ਉਨ੍ਹਾਂ ਦੱਸਿਆ ਕਿ ਇਸ ਮਿਊਜ਼ੀਅਮ ਵਿੱਚ ਸਾਰਾਗੜ੍ਹੀ ਜੰਗ ਦੇ ਸਮੇਂ ਵਰਤੇ ਜਾਣ ਸਿਗਨਲਿੰਗ ਤਕਨੀਕ ਦੇ ਆਰਕੀਫੈਕਟਸ, ਇਕਿਊਪਮੈਂਟ, ਕੋਡਿੰਗ, ਡਿਕੋਡਿੰਗ ਨੂੰ ਦਰਸਾਇਆ ਗਿਆ ਹੈ, ਜਿਸ ਨਾਲ ਇਥੇ ਆਉਣ ਵਾਲੇ ਲੋਕਾਂ ਅਤੇ ਖਾਸ ਕਰ ਸਕੂਲੀ ਵਿਦਿਆਰਥੀਆਂ ਨੂੰ ਇਤਿਹਾਸਕ ਦੇ ਨਾਲ-ਨਾਲ ਤਕਨੀਕੀ ਗਿਆਨ ਵੀ ਮਿਲੇਗਾ। ਇਸ ਮਿਊਜ਼ੀਅਮ ਵਿੱਚ ਸੱਤ ਗੈਲਰੀਆਂ ਬਣੀਆਂ ਹਨ ਜੋ ਕਿ ਸਾਰਾਗੜ੍ਹੀ ਪੋਸਟ ਅਤੇ ਜੰਗ ਦੀ ਵੱਖ-ਵੱਖ ਪਹਿਲੂਆਂ ਤੋਂ ਤਸਵੀਰ ਪੇਸ਼ ਕਰਦੀਆਂ ਹਨ। ਪਹਿਲੀ ਗੈਲਰੀ ਵਿੱਚ ਸਾਰਾਗੜ੍ਹੀ ਪੋਸਟ ਦਾ ਮਾਡਲ ਬਣਾਇਆ ਗਿਆ ਹੈ ਅਤੇ ਸਾਰਾਗੜ੍ਹੀ ਜੰਗ ਦਾ ਇਤਿਹਾਸ ਵੀ ਦਿਖਾਇਆ ਗਿਆ ਹੈ, ਜਿਸ ਵਿੱਚ ਸਾਰਾਗੜ੍ਹੀ ਦੇ ਸ਼ਹੀਦਾਂ ਬਾਰੇ ਜਾਣਕਾਰੀ ਹੈ। ਗੈਲਰੀ -2 ਵਿੱਚ ਥਰੀ ਡੀ ਥਿਏਟਰ ਬਣਾਇਆ ਗਿਆ ਹੈ ਜਿੱਥੇ ਹਵਲਦਾਰ ਈਸ਼ਰ ਸਿੰਘ ਦੀ ਅਗਵਾਈ ਵਿੱਚ ਹਜ਼ਾਰਾਂ ਅਫਗਾਨਾਂ ਨਾਲ ਨਾਲ ਲੜੇ 21 ਸਿੱਖ ਸੈਨਿਕਾਂ ਦੀ ਸ਼ੂਰਬੀਰਤਾ ਨੂੰ ਸਮਰਪਿਤ ਸਾਰਾਗੜ੍ਹੀ ਦੀ ਇਤਿਹਾਸਕ ਜੰਗ ਨੂੰ ਦਰਸਾਉਂਦੀ ਦੀ ਪੂਰੀ ਮੂਵੀ ਦਿਖਾਈ ਜਾਂਦੀ ਹੈ। ਗੈਲਰੀ-3 ਵਿੱਚ ਹੀਲਿਓਗ੍ਰਾਫੀ ਗੈਲਰੀ ਹੈ ਜਿਸ ਵਿੱਚ ਉਸ ਵੇਲੇ ਦੋ ਕਿਲੇ ਅਤੇ ਇਕ ਪੋਸਟ ਦੇ ਵਿੱਚ ਕਿਸ ਪ੍ਰਕਾਰ ਸਿਗਨਲਿੰਗ ਹੁੰਦੀ ਸੀ ਬਾਰੇ ਲਈਵ ਵੀ.ਐੱਫ.ਐਕਸ. ਤਕਨੀਕ ਰਾਹੀਂ ਦਿਖਾਇਆ ਗਿਆ ਹੈ।

ਗੈਲਰੀ-4 ਵਿੱਚ ਟੂ ਡੀ ਮੂਵੀ ਚਲਦੀ ਹੈ ਜਿਸ ਵਿੱਚ ਇਸ ਲੜਾਈ ਤੋਂ ਬਾਅਦ ਦੀਆਂ ਹਾਲਾਤਾਂ, ਘਟਨਾਵਾਂ, ਸਨਮਾਨਾਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ ਹੈ।ਅਗਲੀ ਗੈਲਰੀ ਵਿੱਚ ਇਸ ਲੜਾਈ ਦੌਰਾਨ ਸਿੱਖ ਫੌਜੀਆਂ ਅਤੇ ਅਫ਼ਗਾਨਾਂ ਵੱਲੋਂ ਵਰਤੇ ਗਏ ਹਥਿਆਰਾਂ ਅਤੇ ਬੰਦੂਕਾਂ ਨੂੰ ਪ੍ਰਤੀਕ੍ਰਿਤਿਆਂ ਦੁਆਰਾ ਦਿਖਾਇਆ ਗਿਆ ਹੈ। ਛੇਵੀਂ ਗੈਲਰੀ ਜਿਸ ਨੂੰ ਲਾਸਟ ਮੈਨ ਗੈਲਰੀ ਵੀ ਕਿਹਾ ਜਾਂਦਾ ਹੈ ਆਖ਼ਰੀ ਸ਼ਹੀਦ ਗੁਰਮੁਖ ਸਿੰਘ ਨੂੰ ਸਮਰਪਿਤ ਹੈ। ਇਸ ਤੋਂ ਬਾਅਦ ਆਖ਼ਰੀ ਗੈਲਰੀ-7 ਹੈ ਜੋ ਕਿ ਸ਼ਰਧਾਂਜਲੀ ਗੈਲਰੀ ਅਤੇ ਸੈਲਫ਼ੀ ਗੈਲਰੀ ਹੈ। ਇੱਥੇ ਸਿੱਖ ਫੌਜੀਆਂ ਦੀ ਬੰਦੂਕ ਰੱਖੀ ਗਈ ਹੈ ਜਿੱਥੇ ਸੈਂਸਰ ਲਗਾਇਆ ਗਿਆ ਹੈ ਜਿਸ ਨੂੰ ਛੂਹ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਜਾਂਦੀ ਹੈ। ਇਸੇ ਗੈਲਰੀ ਵਿੱਚ ਸਾਰਾਗੜ੍ਹੀ ਜੰਗ ਦੇ ਸ਼ਹੀਦਾਂ ਦਾ ਲਾਈਵ ਕਟਆਊਟ ਲਗਾਇਆ ਗਿਆ ਹੈ ਜਿਸ ਕੋਲ ਖੜ੍ਹੇ ਹੋ ਕੇ ਲੋਕ ਸੈਲਫ਼ੀ ਲੈ ਸਕਦੇ ਹਨ। ਇਸ ਗੈਲਰੀ ਵਿੱਚ ਉਸ ਵੇਲੇ ਦੀਆਂ ਅਖ਼ਬਾਰਾਂ ਦੀ ਕਟਿੰਗ ਅਤੇ ਮਹਾਰਾਣੀ ਵਿਕਟੋਰੀਆਂ ਦੁਆਰਾ ਕੀਤਾ ਸਨਮਾਨ, ਸ਼ਹੀਦਾਂ ਦੀਆਂ ਬਣੀਆਂ ਯਾਦਗਾਰਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ਹੈ। ਇਨ੍ਹਾਂ ਗੈਲਰੀਆਂ ਵਿੱਚ ਟੱਚ ਪੈਨਲ ਲਗਾਏ ਗਏ ਹਨ ਜਿਨ੍ਹਾਂ ਵਿੱਚ ਸਾਰਾਗੜ੍ਹੀ ਜੰਗ ਅਤੇ ਸ਼ਹੀਦਾਂ ਬਾਰੇ ਪੰਜਾਬੀ ਅਤੇ ਅੰਗਰੇਜ਼ੀ ਭਾਸ਼ਾ ਵਿੱਚ ਵਿਸਥਾਰ ਨਾਲ ਜਾਣਕਾਰੀ ਲਈ ਜਾ ਸਕਦੀ ਹੈ।

ਸਾਰਾਗੜ੍ਹੀ ਦੇ ਸ਼ਹੀਦਾਂ ਦੀ ਮਹਾਨ ਕੁਰਬਾਨੀ ਦੀ ਯਾਦ ਵਿੱਚ ਉਸਾਰਿਆ ਇਹ ਅਜਾਇਬਘਰ 36 ਸਿੱਖ ਦੇ 21 ਸੈਨਿਕਾਂ ਦੀ ਮਿਸਾਲੀ ਗਾਥਾ ਜੋ ਕਿ ਸਮਾਣਾ ਰਿੱਜ (ਹੁਣ ਪਾਕਿਸਤਾਨ) ਵਿਖੇ ਵਾਪਰੀ ਸੀ, ਜਿਨ੍ਹਾਂ ਨੇ 12 ਸਤੰਬਰ, 1897 ਨੂੰ 10,000 ਅਫ਼ਗਾਨੀਆਂ ਦੇ ਹਮਲੇ ਖ਼ਿਲਾਫ਼ ਗਹਿਗੱਚ ਲੜਾਈ ਲੜਦਿਆਂ ਕੁਰਬਾਨੀ ਦੇ ਦਿੱਤੀ ਸੀ, ਭਾਰਤੀ ਫੌਜ ਦੇ ਇਤਿਹਾਸ ਵਿਚ ਹਮੇਸ਼ਾਂ ਮਿਸਾਲ ਬਣੀ ਰਹੇਗੀ।

ਪੰਜਾਬ ਸਰਕਾਰ ਵੱਲੋਂ 2 ਕਰੋੜ ਰੁਪਏ ਦੀ ਰਾਸ਼ੀ ਖਰਚ ਕਰ ਕੇ ਸਾਰਾਗੜ੍ਹੀ ਜੰਗ ਦੇ ਸ਼ਹੀਦਾਂ ਦੀ ਯਾਦ ਵਿੱਚ ਸਾਰਾਗੜ੍ਹੀ ਮੈਮੋਰੀਅਲ ਜਿਸ ਦਾ ਨੀਂਹ ਪੱਥਰ ਮੁੱਖ ਮੰਤਰੀ ਵੱਲੋਂ ਰੱਖਿਆ ਗਿਆ ਸੀ, ਦਾ ਕੰਮ ਵੀ ਜ਼ੋਰਾਂ ਤੇ ਹੈ। ਇਸ ਨਾਲ ਸਰਹੱਦੀ ਜ਼ਿਲ੍ਹੇ ਫ਼ਿਰੋਜ਼ਪੁਰ ਵਿੱਚ ਸੈਰ ਸਪਾਟਾ ਉਦਯੋਗ ਨੂੰ ਹੁਲਾਰਾ ਮਿਲੇਗਾ ਅਤੇ ਦੇਸ਼ ਵਿਦੇਸ਼ ਦੇ ਲੋਕਾਂ ਨੂੰ ਪੰਜਾਬੀਆਂ ਦੀਆਂ ਵੱਡਮੁੱਲੀਆਂ ਕੁਰਬਾਨੀਆਂ ਬਾਰੇ ਵੀ ਜਾਣਕਾਰੀ ਮਿਲੇਗੀ। ਇਸ ਮੌਕੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਕਿਹਾ ਕਿ ਫ਼ਿਰੋਜ਼ਪੁਰ ਵਿਖੇ ਸੈਰ ਸਪਾਟੇ ਨੂੰ ਉਤਸ਼ਾਹਿਤ ਕਰਨ ਅਤੇ ਇਤਿਹਾਸਕ ਮਹੱਤਤਾ ਵਾਲੇ ਸਥਾਨਾਂ ਦੇ ਵਿਕਾਸ ਲਈ ਵੱਡੀ ਪੱਧਰ 'ਤੇ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਾਰਾਗੜ੍ਹੀ ਵਾਰ ਮਿਊਜ਼ੀਅਮ ਅਤੇ ਸਾਰਾਗੜ੍ਹੀ ਜੰਗੀ ਯਾਦਗਾਰ ਤੋਂ ਇਲਾਵਾ ਹੁਸੈਨੀਵਾਲਾ ਸ਼ਹੀਦੀ ਸਮਾਰਕ ਦਾ ਵੀ ਨਵੀਨੀਕਰਨ ਕੀਤਾ ਜਾਵੇਗਾ, ਜਿਸ ਤਹਿਤ ਸ਼ਹੀਦੀ ਸਮਾਰਕਾਂ, ਪਾਰਕਾਂ ਤੇ ਇਮਾਰਤਾਂ ਦਾ ਸੁੰਦਰੀਕਰਨ, ਪਾਰਕਿੰਗ ਵਿਵਸਥਾ, ਤਲਾਬ ਅਤੇ ਸੈਲਾਨੀਆਂ ਦੀ ਸੁਵਿਧਾ ਲਈ 25 ਕਰੋੜ ਰੁਪਏ ਦੀ ਖਰਚ ਕੀਤੇ ਜਾਣਗੇ।

### ਅੰਮ੍ਰਿਤਸਰ ਪ੍ਰੈਸ ਕਲੱਬ ਦੀਆ ਚੋਣਾ 17 ਮਾਰਚ ਐਤਵਾਰ ਨੂੰ-ਜਸਬੀਰ ਸਿੰਘ ਪੱਟੀ ਦੇ ਉਮੀਦਵਾਰ ਵੱਲੋਂ ਸਰਗਰਮੀਆ ਤੇਜ਼

# ਮਹਿਤਾ ਚੌਕ ਵਿਖੇ ਸਾਰੇ ਉਮੀਦਵਾਰਾਂ ਤੇ ਪੱਤਰਕਾਰਾਂ ਦਾ ਕੀਤਾ ਨਿੱਘਾ ਸਵਾਗਤ



**ਚੌਕ ਮਹਿਤਾ, 15 ਮਾਰਚ(ਬਾਬਾ ਸੁਖਵੰਤ ਸਿੰਘ ਚੰਨਣਕੇ)**-ਨਿਊ ਅੰਮ੍ਰਿਤਸਰ ਵਿਖੇ ਬਣੇ "ਪ੍ਰੈਸ਼ ਕਲੱਬ" ਦੀਆ ਚੋਣਾ ਦੇ ਦਿਨ ਐਤਵਾਰ ਸਿਰ ਤੋਂ ਹੋਣ ਕਾਰਨ ਵੱਖ-ਵੱਖ ਉਮਦੀਵਾਰਾਂ ਵੱਲੋਂ ਸਰਗਰਮੀਆ ਤੇਜ ਕਰ ਦਿੱਤੀਆ ਗਈਆ ਹਨ। ਜਿਸ ਤਹਿਤ ਅੱਜ ਮਹਿਤਾ ਚੌਕ ਵਿਖੇ ਪੱਤਰਕਾਰ ਸਤਨਾਮ ਸਿੰਘ ਜੱਜ ਤਨੇਲ ਦੇ ਨਵੇਂ ਗ੍ਰਹਿ ਗੁਰੂ ਤੇਗ ਬਹਾਦਰ ਕਲੋਨੀ ਮਹਿਤਾ ਰੋਡ ਵਿਖੇ, ਸੀਨੀਅਰ ਪੱਤਰਕਾਰ ਤੇ ਪ੍ਰਧਾਨਗੀ ਦੇ ਉਮੀਦਵਾਰ ਸ੍ਰ, ਜਸਬੀਰ ਸਿੰਘ ਪੱਟੀ, ਮੀਤ ਪ੍ਰਧਾਨ ਰਕੇਸ਼ ਸਰਮਾਂ, ਮੀਤ ਪ੍ਰਧਾਨ ਪ੍ਰਿਥੀਪਾਲ ਸਿੰਘ, ਜਨਰਲ ਸੈਕਟਰੀ ਮੈਂਡਮ ਮਮਤਾਂ ਦੇਵਗਨ, ਕੈਸੀਅਰ ਵਿਸ਼ਾਲ ਸ਼ਰਮਾਂ, ਸੈਕਟਰੀ ਹਰੀਸ਼ ਸ਼ਰਮਾਂ, ਜਨਰਲ ਸੈਕਟਰੀ ਰਜੀਵ ਸ਼ਰਮਾਂ ਆਦਿ ਸਾਰੇ ਉਮੀਦਵਾਰਾਂ ਅਤੇ ਕੰਪੇਨ ਕਰ ਰਹੇ ਵੱਡੀ ਗਿਣਤੀ ਵਿਚ ਸਹਿਯੋਗੀ ਪੱਤਰਕਾਰ ਭਾਈਚਾਰੇ ਦਾ ਮਹਿਤਾ ਚੌਕ ਪਹੁੰਚਣ ਤੇ ਪੱਤਰਕਾਰ ਸਤਨਾਮ ਸਿੰਘ ਜੱਜ ਦੇ ਪਰਿਵਾਰ ਅਤੇ ਪੱਤਰਕਾਰ ਸ਼੍ਰ ਦਲਜੀਤ ਸਿੰਘ ਡਾਕਟਰ, ਪੱਤਰਕਾਰ ਬਲਜਿੰਦਰ ਸਿੰਘ ਬੱਲੀ ਅਤੇ ਸਥਾਨਕ ਪੱਤਰਕਾਰਾਂ ਵੱਲੋਂ ਸਾਰੇ ਉਮਦੀਵਾਰਾਂ ਦਾ ਨਿੱਘਾ ਸਵਾਗਤ ਕਰਦਿਆਂ ਪੂਰਨ ਸਹਿਯੋਗ ਦੇਣ ਦਾ ਭਰੋਸ਼ਾ ਦਿਵਾਇਆ । ਇਸ ਮੋਕੇ ਸਬੋਧਨ ਕਰਦਿਆ ਸ੍ਰ ਜਸਬੀਰ ਸਿੰਘ ਪੱਟੀ ਨੇ ਕਿਹਾ ਕਿ ਆਪਣੀ ਟੀਮ ਵੱਲੋਂ ਦਿਹਾਤੀ ਪੱਤਰਕਾਰਾਂ ਦਾ ਵੀ ਉਨ੍ਹਾਂ ਹੀ ਸਤਿਕਾਰ ਦਿੱਤਾ ਜਾਂਦਾ ਹੈ ਜਿੰਨ੍ਹਾਂ ਕੇ ਸਾਰੇ ਪੱਤਰਕਾਰਾਂ ਨੂੰ ਜਿਵੇਂ ਪਹਿਲਾ ਬਣਦਾ ਮਾਣ ਸਤਿਕਾਰ ਦਿੱਤਾ ਜਾਂਦਾ ਰਿਹਾ ਉਸੇ ਤਰ੍ਹਾਂ ਅੱਗੇ ਵੀ ਜਾਰੀ ਰਹੇਗਾ ਤੇ ਦਰਪੇਸ ਮੁਸ਼ਕਲਾਂ ਦੇ ਹੱਲ ਕੀਤੇ ਜਾਣਗੇ।

ਪੱਤਰਕਾਰ ਬਲਜੀਤ ਸਿੰਘ ਤਲਵੰਡੀ ਖੁੰਮਣ ਨੇ ਵੀ ਭਾਈਚਾਰੇ ਨੂੰ ਬੇਨਤੀ ਕਿਹਾ ਸਮਾਂ ਥੋੜਾ ਹੋਣ ਕਾਰਨ ਕਈ ਸਾਥੀਆ ਨਾਲ ਸਪੰਰਕ ਨਹੀ ਹੋ ਸਕੇ ਪਰ ਸਮੁੱਚੇ ਪੱਤਰਕਾਰ ਭਾਈਚਾਰੇ ਨੂੰ ਅਪੀਲ ਕੀਤੀ ਕੇ 17 ਮਾਰਚ ਦਿਨ ਐਤਵਾਰ ਨਿਊ ਅੰਮ੍ਰਿਤਸਰ ਪ੍ਰੈਸ਼ ਕਲੱਬ ਵਿੱਖੇ ਹਾਜਰ ਹੋ ਕੇ ਚੋਣ ਨਿਸ਼ਾਨ "ਨਗਾਰਾਂ " ਹੈ ਵੋਟਾਂ ਜਰੂਰ ਪਾਉਣ ਜਿੰਨ੍ਹਾਂ ਦੀ ਵੋਟਾ ਨਹੀ ਬਣ ਸਕੀਆ ਉਹ ਵੀ ਜਰੂਰ ਹਾਜਰੀ ਭਰਨ ਉਹ ਪ੍ਰੈੱਸ ਕਲੱਬ ਦੇ ਮੈਂਬਰ ਬਣਨ ਦਾ ਪੂਰਾ ਅਧਿਕਾਰ ਰੱਖਦੇ ਹਨ।

### ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਦਮਦਮੀ ਟਕਸਾਲ ਕਾਜਲਮੋਰਾਨੋ ਦੁਆਰਾ ਨਗਰ ਕੀਰਤਨ 23 ਮਾਰਚ ਦਿਨ ਸ਼ਨੀਵਾਰ ਨੂੰ

## ਪਹਿਲੀ ਵਾਰ ਦਮਦਮੀ ਟਕਸਾਲ ਵੱਲੋਂ ਨਗਰ ਕੀਰਤਨ ਕਾਜਲਮੋਰਾਨੋ ਕਰਮੋਨਾ ਇਟਲੀ ਚ ਹੋਲੇ ਮਹੱਲੇ ਨੂੰ ਸਮਰਪਿਤ ਸਜਾਇਆ ਜਾ ਰਿਹਾ ਨਗਰ ਕੀਰਤਨ

**ਮਿਲਾਨ, 15 ਮਾਰਚ (ਦਲਜੀਤ ਮੱਕੜ)**-ਖਾਲਸੇ ਦੀ ਚੜਦੀਕਲਾ ਦਾ ਪ੍ਰਤੀਕ ਹੋਲਾ ਮਹੱਲਾ ਦੇਸ਼ਾ ਵਿਦੇਸ਼ਾ ਵਿੱਚ ਸੰਗਤਾਂ ਦੁਆਰਾ ਬੜੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਇਟਲੀ ਦੇ ਜਿਲਾ ਕਰੇਮੋਨਾ ਵਿੱਚ ਪੈਂਦੇ ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮੋਰਾਨੋ ਦੁਆਰਾ ਹੋਲੇ ਮਹੱਲੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਦਾ ਆਯੋਜਨ ਕੀਤਾ ਜਾ ਰਿਹਾ ਹੈ ਜੋ ਕਿ 23 ਮਾਰਚ ਦਿਨ ਸ਼ਨੀਵਾਰ ਨੂੰ ਸਜਾਇਆ ਜਾਵੇਗਾ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਪਹਿਲੀ ਵਾਰ ਦਮਦਮੀ ਟਕਸਾਲ ਦੇ ਸਥਾਨਾਂ ਤੋਂ ਕਾਜਲਮੋਰਾਨੋ ਇਟਲੀ ਚ ਹੋਲੇ ਮਹੱਲੇ ਨੂੰ ਸਮਰਪਿਤ ਸਜਾਏ ਜਾ ਰਹੇ ਨਗਰ ਕੀਰਤਨ ਦੀ ਆਰੰਭਤਾ 12 ਤੋਂ ਸਮਾਪਤੀ 5 ਵਜੇ ਹੋਵੇਗੀ। ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ, ਪੰਜ ਪਿਆਰਿਆਂ ਅਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਵਿੱਚ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਸਿੱਖੀ ਸਿਧਾਤਾਂ ਹੇਠ ਸਜਾਇਆ ਜਾਵੇਗਾ। ਇਸ ਮੌਕੇ ਵੱਖ ਵੱਖ ਸਿੱਖ ਪ੍ਰਚਾਰਕ ਕਥਾਵਾਚਕ, ਰਾਗੀ ਸਿੰਘ, ਕਵੀਸ਼ਰੀ ਅਤੇ ਢਾਡੀ ਜੱਥੇ ਸੰਗਤਾਂ ਨੂੰ ਗੁਰੂ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਜੋੜਨਗੇ। ਸ਼ਾਮ ਨੂੰ ਕਾਜਲਮੋਰਾਨੋ ਦੇ ਵੱਖ ਵੱਖ ਗਲੀਆਂ ਤੋਂ ਹੁੰਦਾ ਹੋਇਆ ਨਗਰ ਕੀਰਤਨ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਵੇਗਾ ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮੋਰਾਨੋ ਦੀ ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਗਈ ਹੈ ਕਿ ਨਗਰ ਕੀਰਤਨ ਵਿੱਚ ਹਾਜਰੀ ਭਰ ਕੇ ਗੁਰੂ ਘਰ ਦੀਆ ਖੁਸ਼ੀਆ ਪ੍ਰਾਪਤ ਕਰੋ ਜੀ।

## ਨਗਰ ਵਾੜਾ ਸ਼ੇਰ ਸਿੰਘ ਤੋਂ ਸੰਗਤਾਂ ਦਾ ਜੱਥਾ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ ਵਿਖੇ ਦਰਸ਼ਨ ਦੀਦਾਰਿਆਂ ਨੂੰ ਰਵਾਨਾ



ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲੇ ਮਹੱਲੇ ਨੂੰ ਸਮਰਪਿਤ ਦਰਸ਼ਨ ਦੀਦਾਰਿਆਂ ਨੂੰ ਨਗਰ ਵਾੜਾ ਸ਼ੇਰ ਸਿੰਘ ਤੋਂ ਸੰਗਤਾਂ ਦਾ ਜਥਾ ਰਵਾਨਾ ਹੋਇਆ।ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਗੁਰੂ ਸਾਹਿਬ ਜੀ ਦੇ ਅੱਗੇ ਅਰਦਾਸ ਬੇਨਤੀ ਕਰਕੇ ਜਥਾ ਰਵਾਨਾ ਕੀਤਾ। ਅਤੇ ਬੋਲਦਿਆ ਦੱਸਿਆ ਕਿ ਹੋਲੇ ਮਹੱਲੇ ਨੂੰ ਸਮਰਪਿਤ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਜੀ ਦੇ ਦਰਸ਼ਨ ਦਾਰਿਆਂ ਨੂੰ ਰਵਾਨਾ ਹੋਏ ਹਨ ਗੁਰੂ ਸਾਹਿਬ ਜੀ ਕਿਰਪਾ ਕਰਨ ਇਹਨਾਂ ਦੀ ਯਾਤਰਾ ਸਫਲਾ ਕਰਨ ਗੁਰਸਿੱਖੀ ਜੀਵਨ ਨਾਮ ਦਾਨ ਅੰਮ੍ਰਿਤ ਦੀ ਦਾਤ ਬਖਸ਼ਣ। ਬੱਸ ਦੀ ਸੇਵਾ ਸ੍ਰ ਜਗਤਾਰ ਸਿੰਘ ਸਿੰਘ ਸਪੁੱਤਰ ਸ੍ਰ ਅਰੂੜ ਸਿੰਘ ਵੱਲੋਂ ਕੀਤੀ ਗਈ। ਇਸ ਮੌਕੇ ਬਾਬਾ ਜਰਨੈਲ ਸਿੰਘ, ਗੁਰਸ਼ਰਨ ਸਿੰਘ , ਬਲਜੀਤ ਸਿੰਘ, ਅਤੇ ਹੋਰ ਬੇਅੰਤ ਸੰਗਤਾਂ ਅਤੇ ਨੌਜਵਾਨ ਹਾਜ਼ਰ ਸਨ


## ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਬਸਵੀਪ ਗਤੀਵਿਧੀਆਂ ਤਹਿਤ ਲੇਖ ਮੁਕਾਬਲੇ ਕਰਵਾਏ




ਧੂਰੀ ( ਰਣਜੀਤ ਸਿੰਘ ਪੇਧਨੀ ) ਜਿਲ੍ਹਾ ਚੋਣ ਅਫਸਰ ਸੰਗਰੂਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਵੀਪ ਗਤੀਵਿਧੀਆਂ ਤਹਿਤ ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਲੇਖ ਮੁਕਾਬਲੇ ਕਰਵਾਏ ਗਏ। ਇਨਾਂ ਮੁਕਾਬਲਿਆਂ ਵਿੱਚ ਪੀ.ਜੀ.ਡੀ.ਸੀ.ਏ ਦੀ ਰਣਜੀਤ ਕੌਰ, ਐੱਮ.ਏ ਇਤਿਹਾਸ ਭਾਗ ਦੂਜਾ ਦੀ ਲਖਬੀਰ ਕੌਰ ਅਤੇ ਬੀ.ਏ. ਭਾਗ ਤੀਜਾ ਦੀ ਸੰਦੀਪ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ। ਕਾਲਜ ਪ੍ਰਿੰਸੀਪਲ ਡਾ. ਪਰਮਜੀਤ ਕੌਰ ਨੇ ਲੋਕਤੰਤਰ ਵਿੱਚ ਵੋਟ ਦੀ ਮਹੱਤਤਾ ਬਾਰੇ ਚਾਨਣਾ ਪਾਉਂਦੇ ਹੋਏ ਅਗਾਮੀ ਲੋਕ ਸਭਾ ਚੋਣਾਂ ਲਈ ਆਪਣੇ ਮੱਤ ਦਾ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ ਅਤੇ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ. ਸੰਜੀਵ ਦੱਤਾ, ਡਾ. ਕਰਮਜੀਤ ਸਿੰਘ, ਇੰਜ ਵਰਿੰਦਰ ਕੁਮਾਰ ਸਿੰਗਲਾ, ਡਾ. ਸੁਭਾਸ਼ ਕੁਮਾਰ, ਡਾ. ਕਿਰਨਜੀਤ ਕੌਰ, ਪ੍ਰੋ. ਸੁਖਵਿੰਦਰ ਕੌਰ, ਪ੍ਰੋ. ਮਾਲਵਿੰਦਰ ਕੌਰ ਅਤੇ ਪ੍ਰੋ. ਦੀਪਕ ਸਿੰਘ ਹਾਜ਼ਰ ਸਨ।




ਭਾਈ ਗੁਰਪ੍ਰੀਤ ਸਿੰਘ ਜਾਗੋਵਾਲ 7 ਸਾਲ ਦੇ ਲੰਮੇ ਸਮੇ ਥਾਅਦ ਜੇਲ ਤੋ ਆਏ ਬਾਹਰ ਪੱਕੀ ਰਿਹਾਈ ਹੋਈ ਕੋਟਿਨ ਕੋਟਿ ਸ਼ੁਕਰਾਨੇ ਸਤਿਗੁਰ ਪਾਤਿਸ਼ਾਹ ਜੀਆ ਦੇ, ਭਾਈ ਗੁਰਪ੍ਰੀਤ ਸਿੰਘ ਦੁਸ਼ਟ ਔਰਤ ਜਿਸ ਵੱਲੋਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕੀਤੀ ਗਈ ਸੀ, ਓਸ ਦਾ ਸੋਧਾ ਲੱਗਣ ਤੋਂ ਬਾਅਦ ਤੋਂ ਹੀ ਜੇਲ੍ਹ ਚ ਸਨ, ਤੇ ਅੱਜ ਉਹਨਾਂ ਦੀ ਰਿਹਾਈ ਹੋਈ ਹੈ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)





# ਅਸੀਂ ਜਿਉਂਦੇ ਹਾਂ..!

"ਸਿੱਖ ਜਵਾਨੀ ਨੂੰ ਨਸ਼ਿਆਂ ਦੇ ਚੱਕਰਵਿਊ ਤੋਂ ਬਚਾਉਣ ਨਿਕਲੇ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਹਨਾਂ ਦੇ ਸਾਥੀਆਂ ਨੂੰ ਜੇਲ੍ਹਾਂ ਵਿੱਚ ਤਿਲ ਤਿਲ ਕਰ ਕੇ ਮਾਰਨ ਦੀ ਸਾਜ਼ਿਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

**ਕੀ ਸਿੱਖ ਕੌਮ ਅੰਦਰ ਆਪਣੇ ਹੀਰਿਆਂ ਨੂੰ ਬਚਾਉਣ ਜੋਗਾ ਸਾਹ-ਸਤ ਨਹੀਂ ਰਿਹਾ...?**

17 ਮਾਰਚ 2024 ਨੂੰ ਪੰਥਕ ਇਕੱਤਰਤਾ ਵਿੱਚ ਸਾਰਾਗੜ੍ਹੀ ਚੌਕ, ਸ੍ਰੀ ਅੰਮ੍ਰਿਤਸਰ ਪਹੁੰਚੋ, ਤਾਂ ਕਿ ਜਾਬਰ ਹਕੂਮਤ ਨੂੰ ਦੱਸ ਦੇਈਏ ਕਿ ਸਿੱਖ ਕੌਮ ਜਿਊਂਦੀ ਹੈ।"

ਬਲਜੀਤ ਸਿੰਘ ਖ਼ਾਲਸਾ, ਮੁੱਖ ਸੰਪਾਦਕ 'ਵੰਗਾਰ'
# 98558 31284

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243